**Jagadhri-Hariyana (1157):** HIR-1, 5, 7, 18, 20, 21, 23, 25, HVG-4, 23, 26, 43, HVT-1, MIR-2, 3, 4, 6, 8, 9, 11, 18, 20, 29, 30, 32, MVT-1, 5, 8, 11, SIR-1, 3, 5, 8, 10, 15, 16, 19, 23, 24, 25, 26, 27, 28, 32, 38, 39, 45, 49, 51, 52, 53, 54, 55, 57, 60, 61, 63, 64, 65, 66, 72, 73, 74, 76, 80, 87, 88, 89, 96, 98, 103, 111, 113, 116, 120, 129, 131, 134, 138, 142, SVT-3, 11, 16, 22, 23, 25, **Yamuna Nagar-(HA) (1535):** HIR-2, 8, 14, 18, HVG-5, 9, MIR-2, 4, 7, 8, 17, 18, 21, 25, 28, 32, 33, 34, 50, 63, MVT-2, 3, 4, SIR-1, 3, 11, 12, 13, 15, 16, 17, 19, 20, 21, 22, 24, 26, 34, 38, 41, 42, 44, 48, 49, 52, 55, 62, 64, 67, 69, 70, 73, 79, 89, 94, 99, 100, 101, 103, 107, 110, 111, 114, 117, 119, 120, 121, 123, 124, 131, 132, 134, 136, 137, 142, 148, 157, 158, 165, 169, 173, 174, 177, 179, 180, 196, 199, 201, 207, 210, 211, 215, 216, 217, 219, 220, 227, 231, 233, 235, 239, 240, SVT-1, **Jagadhri-Buria Gate (2290):** HIR-8, HVG-7, 10, 11, HVT-1, MIR-1, 3, 4, 6, 7, 13, 15, 18, 19, 20, 23, 24, 25, 33, 37, 43, 44, 62, 119, 121, 123, 126, MVT-14, 15, 19, 20, SIR-4, 6, 8, 14, 22, 23, 25, 29, 30, 31, 36, 37, 39, 41, 49, 58, 59, 65, 66, 70, 72, 74, 75, 78, 81, 83, 85, 90, 91, 110, 111, 119, 120, 125, 126, 128, 129, 130, 132, 134, 136, 138, 139, 141, 142, 143, 149, 155, 156, 159, 162, 167, 170, 173, 175, 181, 186, 190, 196, 201, 204, 207, 208, 209, 213, 218, 223, 230, 232, 233, 238, 239, 252, 253, 258, 259, 262, 268, 271, 272, 273, 280, 284, 288, 289, 299, 305, 308, 314, 316, 317, 320, 322, 325, 337, 340, 344, 350, 351, 352, 357, 360, 361, 363, 365, 377, 382, 383, STU-10, SVT-2, 3, 8, 10, 14, 20, 23, 25, 26, 31, 36, 37, 38, 39, 40, 48, 53, **Yamuna Nagar-Kamani Chowk (2399):** HIR-1, HVG-3, 7, 8, MIR-1, 4, 5, 6, 7, 8, 9, 12, 13, 15, 17, 19, 20, 22, 24, 25, 28, 35, 37, 38, 39, 44, 46, 48, 49, 52, 54, 65, 67, 80, 84, 85, 86, 87, MVB-1, MVT-1, 9, 10, 12, SIR-1, 3, 6, 12, 13, 15, 16, 18, 19, 20, 22, 23, 26, 27, 28, 30, 31, 33, 35, 37, 38, 41, 42, 43, 45, 46, 47, 48, 50, 51, 52, 53, 54, 55, 56, 62, 63, 65, 66, 70, 71, 72, 74, 76, 77, 78, 81, 82, 83, 85, 86, 87, 88, 89, 90, 91, 93, 96, 98, 100, 101, 102, 104, 106, 108, 109, 111, 113, 117, 118, 120, 127, 131, 132, 134, 135, 138, 140, 142, 144, 145, 146, 150, 152, 153, 154, 155, 156, 157, 158, 161, 163, 167, 170, 175, 176, 178, 179, 182, 184, 185, 195, 201, 202, 204, 209, 215, 218, 222, 223, 225, 230, 231, 232, 233, 234, 235, 237, 238, 239, 244, 245, 247, 249, 250, 251, 252, 254, 260, 263, 264, 266, 269, 270, 272, 273, 278, 281, 283, 288, 289, 299, 304, 306, 307, 309, 313, 314, 317, 322, 323, 324, 326, STU-44, SVT-3, 4, 5, 6, 8, 9, 12, 13, 17, 19, 20, 22, 24, 25, 27, 29, 32, 35, 36, 38, 39, 40, 42, 43, **Bilaspur (HA) (4864):** HIR-8, MIR-2, 3, 4, 6, 7, 11, 13, 16, 26, 28, 29, 30, 31, 32, 33, 35, 41, 42, 43, MVT-1, SIR-1, 3, 4, 5, 8, 10, 11, 13, 15, 19, 20, 22, 23, 25, 26, 27, 28, 31, 34, 35, 37, 40, 41, 42, 45, 48, 53, 56, 60, 63, 64, 65, 69, 73, 75, 76, 80, 83, 89, 90, 93, 96, 97, 98, 99, 101, 103, 104, 106, 107, 110, 111, 113, 114, 115, 116, 117, 118, 121, 124, 126, 127, 128, 137, 138, 139, SVT-1, **Sadaura-HA (5086):** HIR-7, 10, HVG-15, HVT-1, MEI-13, MIR-2, 3, 4, 5, 7, 8, 11, 12, 13, 14, 17, 21, 26, 39, 40, 41, 49, MVT-3, RGL-1246, SIR-1, 3, 6, 8, 11, 13, 18, 19, 20, 21, 22, 24, 26, 27, 30, 31, 32, 33, 34, 35, 36, 37, 39, 40, 42, 43, 47, 48, 49, 50, 54, 65, 69, 71, 75, 76, 77, 78, 79, 80, 84, 85, 86, 88, 94, 95, 99, 100, 101, 106, 110, 111, 112, 116, 120, 122, 125, 126, 129, 131, 135, SVT-7, 10, 11, 12, 13, 14, 15, 20, 21, 30, 32, 39, 40, 42, **Radaur-(HA) (5319):** BTI-3, HVG-3, 10, MIR-1, 2, 3, 4, 6, 7, 8, 10, 11, 12, 13, 14, 17, 18, 23, 27, 29, 30, 40, 45, 46, 47, MVC-6, MVT-2, 4, 5, SIR-9, 10, 11, 13, 14, 15, 16, 23, 24, 27, 28, 29, 30, 33, 34, 37, 38, 39, 42, 44, 45, 46, 47, 50, 51, 54, 55, 57, 59, 61, 64, 65, 66, 67, 68, 69, 73, 74, 86, 92, 93, 102, 104, 105, 106, 107, 112, 113, 116, 120, 123, 124, 125, 128, 131, 136, SVT-3, 9, 10, 12, 13, **Khizrabad Extension Pratap Nagar (5458):** BTI-1, MIR-2, 3, 4, 5, SIR-3, 4, 5, 13, 26, 29, 36, SVT-1, 2, 4, 8, 10

**Auction Centre: First Floor, C-6/1580-81-82, Above Canara Bank, Near Bus Stand, Jagadhri, Yamuna Nagar, Haryana-135003**

The auctions in respect of the loan accounts shown under the concerned branch head, will be conducted at the respective auction centres as per details provided above. In case the scheduled auctions are not successful/completed on the specified First date, then in that event the auction (s) shall be conducted/continued on the **Second Auction Date** & **Third Auction Date** at the **given auction centres** as detailed above. No further notices shall be issued in this respect.

**Kohli & Sobti Advocates, D-72 Lower Ground Floor, Panchsheel Enclave, New Delhi-110017**

**Note:** Customers can release their pledged ornaments before the scheduled auction date, against payment of dues of our client. Customer can also contact to **Email ID: recoverynorth@muthootgroup.com or Call at 7834886464, 7994452462**

## ਹੈਰੀਟੇਜ ਸਕੂਲ ਦੇ ਵਿਦਿਆਰਥੀਆਂ ਨੇ ਇਨੋਵੇਸ਼ਨ ਚੈਲੇਂਜ 'ਚ ਮਾਰੀ ਬਾਜ਼ੀ



**ਭਵਾਨੀਗੜ੍ਹ (ਰਾਜ ਖੁਰਮੀ)**-ਹੈਰੀਟੇਜ ਪਬਲਿਕ ਸਕੂਲ ਭਵਾਨੀਗੜ੍ਹ ਦੇ ਵਿਦਿਆਰਥੀਆਂ ਨੇ ਆਪਣੀ ਨਵੀਨਤਮ ਸੋਚ, ਸਿਰਜਣਾਤਮਕ ਪ੍ਰਤਿਭਾ ਤੇ ਤਕਨੀਕੀ ਹੁਨਰ ਦਾ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ।ਸਕੂਲ ਦੇ ਵਿਦਿਆਰਥੀਆਂ ਨਵਜੋਤ ਸਿੰਘ ਤੇ ਵੰਸ਼ਦੀਪ ਸਿੰਘ ਨੇ ਬ੍ਰੌਡਵੇ ਪਬਲਿਕ ਸਕੂਲ, ਮਨਾਲ ਵਿਖੇ ਕਰਵਾਏ ਗਏ 'ਟੈਕ ਨੋਵਾ 1.0- ਇਨੋਵੇਸ਼ਨ ਚੈਲੇਂਜ' ਦੇ ਸੀਨੀਅਰ ਵਿੰਗ ਮੁਕਾਬਲੇ ਵਿੱਚ ਪਹਿਲਾ ਸਥਾਨ ਹਾਸਲ ਕਰਕੇ ਆਪਣੀ ਕਾਬਲੀਅਤ ਦਾ ਲੋਹਾ ਮਨਵਾਇਆ।ਇਸ ਮੁਕਾਬਲੇ ਵਿੱਚ+2 ਹਿਊਮੈਨਿਟੀਜ਼ ਦੇ ਵਿਦਿਆਰਥੀਆਂ ਵੱਲੋਂ ਤਿਆਰ ਕੀਤਾ ਗਿਆ ਡੀਜ਼ਲ ਇੰਜਣ ਵਾਲੀ ਬੁਲੇਟ ਬਾਈਕ ਦਾ ਮਾਡਲ ਵਿਸ਼ੇਸ਼ ਖਿੱਚ ਦਾ ਕੇਂਦਰ ਬਣਿਆ।ਇਸ ਪ੍ਰੋਜੈਕਟ ਦੀ ਸਭ ਤੋਂ ਖ਼ਾਸ ਗੱਲ ਇਹ ਰਹੀ ਕਿ ਵਿਦਿਆਰਥੀ ਨਵਜੋਤ ਸਿੰਘ ਨੇ ਆਪਣੀ ਸਿਰਜਣਾਤਮਕ ਸੋਚ, ਮਿਹਨਤ ਤੇ ਤਕਨੀਕੀ ਯੋਗਤਾ ਦੇ ਬਲਬੂਤੇ ਇਸ ਨੂੰ ਖੁਦ ਡਿਜ਼ਾਈਨ ਕਰਨ ਦੇ ਨਾਲ-ਨਾਲ ਤਿਆਰ ਵੀ ਕੀਤਾ।ਇਸ ਮਾਣਮੱਤੀ ਪ੍ਰਾਪਤੀ 'ਤੇ ਸਕੂਲ ਦੀ ਪ੍ਰਿੰਸੀਪਲ ਗੁਰਪ੍ਰੀਤ ਕੌਰ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਅਜਿਹੀਆਂ ਪ੍ਰਾਪਤੀਆਂ ਵਿਦਿਆਰਥੀਆਂ ਦੀ ਮਿਹਨਤ, ਲਗਨ ਤੇ ਨਵੀਂ ਸੋਚ ਦਾ ਨਤੀਜਾ ਹੁੰਦੀਆਂ ਹਨ।ਉਨ੍ਹਾਂ ਕਿਹਾ ਕਿ ਸਕੂਲ ਦਾ ਮਕਸਦ ਵਿਦਿਆਰਥੀਆਂ ਨੂੰ ਸਿਰਫ਼ ਕਿਤਾਬੀ ਗਿਆਨ ਤੱਕ ਸੀਮਤ ਰੱਖਣਾ ਨਹੀਂ, ਸਗੋਂ ਉਨ੍ਹਾਂ ਅੰਦਰ ਵਿਗਿਆਨਕ ਸੋਚ, ਤਕਨੀਕੀ ਸਮਝ ਤੇ ਨਵੀਆਂ ਕਾਢਾਂ ਕਰਨ ਦੀ ਯੋਗਤਾ ਨੂੰ ਵੀ ਵਿਕਸਤ ਕਰਨਾ ਹੈ। ਇਸ ਮੌਕੇ ਸਕੂਲ ਪ੍ਰਬੰਧਕ ਸ੍ਰੀ ਅਨਿਲ ਮਿੱਤਲ ਤੇ ਸ੍ਰੀਮਤੀ ਆਸ਼ਿਮਾ ਮਿੱਤਲ ਨੇ ਵੀ ਵਿਦਿਆਰਥੀਆਂ ਤੇ ਅਧਿਆਪਕਾਂ ਨੂੰ ਇਸ ਸ਼ਾਨਦਾਰ ਸਫ਼ਲਤਾ ਲਈ ਵਧਾਈ ਦਿੱਤੀ।

## ਲੁੱਟ-ਖੋਹ ਦੀ ਸਾਜ਼ਿਸ਼ ਨਕਾਮ, ਵਿਦੇਸ਼ੀ ਗੈਂਗਸਟਰ ਦੇ 4 ਗੁਰਗੇ ਅਸਲੇ ਸਮੇਤ ਕਾਬੂ

### 30 ਬੋਰ ਜਗਾਨਾ ਤੇ 09 ਐੱਮ ਐੱਮ ਗਲੌਕ ਪਿਸਤੌਲ ਸਮੇਤ 4 ਜ਼ਿੰਦਾ ਕਾਰਤੂਸ ਬਰਾਮਦ



**ਫਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**

ਫਰੀਦਕੋਟ ਪੁਲਸ ਦੀ ਚੌਕਸੀ ਸਦਕਾ ਇੱਕ ਵੱਡੀ ਅਪਰਾਧਿਕ ਵਾਰਦਾਤ ਟਲ ਗਈ ਹੈ।ਸੀ.ਆਈ.ਏ. ਸਟਾਫ ਫਰੀਦਕੋਟ ਨੇ ਵਿਦੇਸ਼ ਬੈਠੇ ਅਪਰਾਧੀ ਦੇ ਇਸ਼ਾਰੇ 'ਤੇ ਕੰਮ ਕਰਨ ਵਾਲੇ ਗਰੋਹ ਦੇ 4 ਸਰਗਰਮ ਮੈਂਬਰਾਂ ਨੂੰ ਮਾਰੂ ਹਥਿਆਰਾਂ ਸਮੇਤ ਗ੍ਰਿਫ਼ਤਾਰ ਕੀਤਾ ਹੈ।ਮੁਲਜ਼ਮਾਂ ਕੋਲੋਂ ਇੱਕ .30 ਬੋਰ ਜਗਾਨਾ ਪਿਸਤੌਲ (2 ਰੌਂਦ) ਤੇ ਇੱਕ 09 ਐਮ.ਐਮ. ਗਲੌਕ ਪਿਸਤੌਲ (2 ਰੌਂਦ) ਬਰਾਮਦ ਹੋਏ ਹਨ।

ਡੀ.ਐਸ.ਪੀ. (ਇਨਵੈਸਟੀਗੇਸ਼ਨ) ਅਵਤਾਰ ਸਿੰਘ ਨੇ ਪ੍ਰੈੱਸ ਕਾਨਫਰੰਸ ਦੌਰਾਨ ਦੱਸਿਆ ਕਿ ਡੀ.ਜੀ.ਪੀ. ਪੰਜਾਬ ਗੌਰਵ ਯਾਦਵ, ਆਈ.ਜੀ. ਫਰੀਦਕੋਟ ਰੇਂਜ ਜੱਗਦਲੇ ਨਿਲਾਂਬਰੀ ਵਿਜੇ ਤੇ ਐਸ.ਐਸ.ਪੀ. ਗੁਰਬੰਸ ਸਿੰਘ ਬੈਂਸ ਦੀ ਅਗਵਾਈ ਹੇਠ ਸਮਾਜ ਵਿਰੋਧੀ ਅਨਸਰਾਂ ਖ਼ਿਲਾਫ਼ 'ਜ਼ੀਰੋ ਟਾਲਰੈਂਸ' ਨੀਤੀ ਤਹਿਤ ਕਾਰਵਾਈ ਕੀਤੀ ਜਾ ਰਹੀ ਹੈ।ਇਸੇ ਤਹਿਤ ਸਹਾਇਕ ਥਾਣੇਦਾਰ ਗੁਰਬਚਨ ਸਿੰਘ ਦੀ ਅਗਵਾਈ ਵਾਲੀ ਪੁਲਸ ਪਾਰਟੀ ਮੁਕਤਸਰ ਰੋਡ 'ਤੇ ਸਾਦਿਕ ਚੌਕ ਨੇੜੇ ਗਸ਼ਤ ਕਰ ਰਹੀ ਸੀ।ਇਸ ਦੌਰਾਨ ਗੁਪਤ ਸੂਚਨਾ ਮਿਲੀ ਕਿ ਕੋਟਕਪੂਰਾ ਨਿਵਾਸੀ ਅਕਾਸ਼ਦੀਪ ਸਿੰਘ ਉਰਫ਼ ਅਕਾਸ਼, ਲਵਪ੍ਰੀਤ ਸਿੰਘ ਉਰਫ਼ ਗੱਬਰ, ਜਸਕਰਨ ਸਿੰਘ ਉਰਫ਼ ਕਾਕੂ ਤੇ ਗਗਨਦੀਪ ਸਿੰਘ ਉਰਫ਼ ਗਗਨ ਆਪਣੇ ਇੱਕ ਅਣਪਛਾਤੇ ਸਾਥੀ ਨਾਲ ਮਿਲ ਕੇ ਦਾਣਾ ਮੰਡੀ ਸਾਦਿਕ ਦੇ ਸ਼ੈੱਡ ਹੇਠ ਬੈਠੇ ਹਨ ਤੇ ਰਾਤ ਵੇਲੇ ਰਾਹਗੀਰਾਂ ਤੋਂ ਲੁੱਟ-ਖੋਹ ਕਰਨ ਦੀ ਯੋਜਨਾ ਘੜ ਰਹੇ ਹਨ।ਪੁਲਸ ਨੇ ਤੁਰੰਤ ਛਾਪੇਮਾਰੀ ਕਰਕੇ ਚਾਰਾਂ ਮੁਲਜ਼ਮਾਂ ਨੂੰ ਮੌਕੇ 'ਤੇ ਹੀ ਅਸਲੇ ਸਮੇਤ ਦਬੋਚ ਲਿਆ।ਮੁੱਢਲੀ ਤਫ਼ਤੀਸ਼ ਵਿੱਚ ਸਾਹਮਣੇ ਆਇਆ ਹੈ ਕਿ ਇਹ ਗਰੋਹ ਵਿਦੇਸ਼ ਬੈਠੇ ਇੱਕ ਅਪਰਾਧੀ ਦੇ ਸਿੱਧੇ ਸੰਪਰਕ ਵਿੱਚ ਸੀ ਤੇ ਉਸ ਦੇ ਇਸ਼ਾਰੇ 'ਤੇ ਸੰਗਠਿਤ ਅਪਰਾਧਾਂ ਨੂੰ ਅੰਜਾਮ ਦਿੰਦਾ ਸੀ।ਪੁਲਸ ਰਿਕਾਰਡ ਅਨੁਸਾਰ ਮੁਲਜ਼ਮ ਅਕਾਸ਼ਦੀਪ ਸਿੰਘ ਤੇ ਲਵਪ੍ਰੀਤ ਸਿੰਘ ਖ਼ਿਲਾਫ਼ ਪਹਿਲਾਂ ਵੀ ਨਸ਼ਾ ਤਸਕਰੀ, ਅਸਲਾ ਐਕਟ ਤੇ ਹੋਰ ਸੰਗੀਨ ਧਾਰਾਵਾਂ ਤਹਿਤ ਮੁਕੱਦਮੇ ਦਰਜ ਹਨ।ਥਾਣਾ ਸਾਦਿਕ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ।ਡੀ.ਐੱਸ.ਪੀ. ਅਵਤਾਰ ਸਿੰਘ ਨੇ ਕਿਹਾ ਕਿ ਮੁਲਜ਼ਮਾਂ ਨੂੰ ਅਦਾਲਤ ਵਿੱਚ ਪੇਸ਼ ਕਰਕੇ ਪੁਲਸ ਰਿਮਾਂਡ ਹਾਸਲ ਕੀਤਾ ਜਾਵੇਗਾ, ਤਾਂ ਜੋ ਇਨ੍ਹਾਂ ਦੇ ਫ਼ਰਾਰ ਸਾਥੀ ਦੀ ਗ੍ਰਿਫ਼ਤਾਰੀ ਹੋ ਸਕੇ ਤੇ ਹੋਰ ਅਣਸੁਲਝੀਆਂ ਵਾਰਦਾਤਾਂ ਦਾ ਖੁਲਾਸਾ ਕੀਤਾ ਜਾ ਸਕੇ।

## ਪੈਨਸ਼ਨਰਜ਼ ਐਸੋਸੀਏਸ਼ਨ ਵੱਲੋਂ ਮੇਲਾ ਮਾਘੀ ਟਿਕਟ ਮੁਕਤ ਕਰਨ ਦੀ ਮੰਗ, ਮੇਲੇ ਦਾ ਸਮਾਂ 15 ਦਿਨ ਕਰਨ ਦੀ ਮੰਗ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪ੍ਰੂਜਾ)**-ਪੈਨਸ਼ਨਰਜ਼ ਐਸੋਸੀਏਸ਼ਨ ਦੀ ਹੋਈ ਇਕ ਬੈਠਕ ਦੌਰਾਨ ਸਰਬਸੰਮਤੀ ਨਾਲ ਮਤਾ ਪਾਸ ਕੀਤਾ ਗਿਆ ਹੈ ਕਿ ਮੇਲਾ ਮਾਘੀ ਮੌਕੇ ਮੰਨੋਰੰਜਨ ਮੇਲੇ ਦੀ ਲੱਗਣ ਵਾਲੀ ਟਿਕਟ ਖਤਮ ਕੀਤੀ ਜਾਵੇ ਤੇ ਮੇਲੇ ਦਾ ਸਮਾਂ 15 ਦਿਨ ਤੈਅ ਕਰਨ ਦੇ ਨਾਲ ਮੇਲਾ ਮਲੋਟ ਰੋਡ ਤੋਂ ਕੋਟਕਪੂਰਾ ਰੋਡ ਉਪਰ ਤਬਦੀਲ ਕੀਤਾ ਜਾਵੇ।ਇਸ ਮੌਕੇ ਐਸੋਸੀਏਸ਼ਨ ਦੇ ਪ੍ਰਧਾਨ ਕਰਮਜੀਤ ਸ਼ਰਮਾ, ਹਰਦੇਵ ਸਿੰਘ ਵਾਇਸ ਚੇਅਰਮੈਨ, ਬਲਵੰਤ ਸਿੰਘ ਅਟਵਾਲ ਸਕੱਤਰ, ਸੁਖਮੰਦਰ ਸਿੰਘ ਬੇਦੀ ਵਿੱਤ ਸਕੱਤਰ, ਕੁਲਦੀਪ ਸਿੰਘ ਬਰਾੜ, ਜਸਵੰਤ ਸਿੰਘ ਬਰਾੜ ਕਾਨੂੰਨੀ ਸਲਾਹਕਾਰ, ਚੌਧਰੀ ਬਲਬੀਰ ਸਿੰਘ ਸੀਨੀਅਰ ਮੀਤ ਪ੍ਰਧਾਨ, ਬਲਜੀਤ ਸਿੰਘ ਅਰੋੜ, ਜਸਪਾਲ ਸਿੰਘ ਤੇ ਸ਼ਾਮ ਲਾਲ ਨੇ ਦੱਸਿਆ ਕਿ ਉਹ ਲੰਬਾ ਸਮਾਂ ਸਰਕਾਰੀ ਅਦਾਰਿਆਂ 'ਚ ਨੌਕਰੀ ਕਰਦੇ ਰਹੇ ਹਨ, ਉਸ ਵੇਲੇ ਮੇਲੇ ਦਾ ਕੋਈ ਠੇਕਾ ਨਹੀਂ ਸੀ ਹੁੰਦਾ, ਪਰ ਹੁਣ ਕਰੀਬ 8 ਵਰ੍ਹਿਆਂ ਤੋਂ ਮੇਲਾ ਠੇਕੇ 'ਤੇ ਦੇਣ ਦੀ ਪ੍ਰਵਿਰਤੀ ਚੱਲੀ ਹੈ ਤੇ ਉਦੋਂ ਤੋਂ ਹੀ ਟਿਕਟ ਲੱਗਣੀ ਸ਼ੁਰੂ ਹੋਈ ਹੈ।ਠੇਕਾ 28 ਲੱਖ ਤੋਂ ਸ਼ੁਰੂ ਹੋ ਕੇ ਪਿਛਲੇ ਵਰ੍ਹੇ 1 ਕ੍ਰੋੜ 31 ਲੱਖ ਰੁਪਏ ਤੱਕ ਪੁੱਜ ਗਿਆ ਸੀ।ਠੇਕੇਦਾਰ ਆਪਣੀ ਮਰਜ਼ੀ ਨਾਲ ਠੇਕੇ ਦਾ ਸਮਾਂ ਵੀ ਤੈਅ ਕਰਦਾ ਹੈ ਤੇ ਮੇਲੇ ਵਿੱਚ ਦਾਖਲ ਹੋਣ ਦੀ ਟਿਕਟ ਵੀ।ਟਿਕਟ ਦਾ ਬੋਝ ਆਮ ਲੋਕਾਂ 'ਤੇ ਪੈਂਦਾ ਹੈ, ਜਿਸ ਕਰਕੇ ਸ਼ਹਿਰ ਵਾਸੀਆਂ ਨੂੰ ਬਹੁਤ ਪ੍ਰੇਸ਼ਾਨੀ ਹੁੰਦੀ ਹੈ।ਆਵਾਜਾਈ ਠੱਪ ਰਹਿੰਦੀ ਹੈ।ਬੱਚੇ ਸਕੂਲ ਜਾਣ ਤੋਂ ਔਖੇ ਹੁੰਦੇ ਹਨ। ਹੈ।ਹਸਪਤਾਲਾਂ 'ਚ ਦਾਖਲ ਮਰੀਜ਼ਾਂ ਲਈ ਤਾਂ ਜਾਨ ਲੇਵਾ ਮੁਸੀਬਤ ਬਣ ਜਾਂਦੀ ਹੈ।ਦਿਨ-ਰਾਤ ਚੱਲਦੇ ਸਪੀਕਰਾਂ ਕਰਕੇ ਘਰਾਂ ਵਾਲਿਆਂ ਦਾ ਰਾਤ ਨੂੰ ਸੌਣਾ ਵੀ ਔਖਾ ਹੋ ਜਾਂਦਾ ਹੈ।ਉਨ੍ਹਾਂ ਦੱਸਿਆ ਕਿ ਹੁਣ ਕੋਟਕਪੂਰਾ ਰੋਡ ਉਪਰ ਜੇਲ੍ਹ ਵਾਲੀ ਜਗ੍ਹਾ ਜੋ ਖਾਲ੍ਹੀ ਪਈ ਹੈ ਤੇ ਸਰਕਾਰ ਦੀ ਮਾਲਕੀ ਹੈ, ਇਸ ਲਈ ਮੇਲਾ ਉਥੇ ਤਬਦੀਲ ਕੀਤਾ ਜਾਵੇ।ਇਸ ਤਰ੍ਹਾਂ ਸਰਕਾਰੀ ਜਗ੍ਹਾ ਹੋਣ ਕਰਕੇ ਠੇਕਾ ਵੀ ਖਤਮ ਹੋ ਜਾਵੇਗਾ ਤੇ ਟਿਕਟਾਂ ਵੀ ਖਤਮ ਹੋਣ ਜਾਣਗੀਆਂ।ਇਸ ਮੌਕੇ ਹੋਰ ਵੀ ਪੈਨਸ਼ਨਰਜ਼ ਮੌਜੂਦ ਸਨ।

## ਨੌਜਵਾਨ ਪਾਰਟੀ ਦੀ ਰੀੜ੍ਹ ਦੀ ਹੱਡੀ : ਵਿਧਾਇਕ ਕੋਹਲੀ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਆਮ ਆਦਮੀ ਪਾਰਟੀ (ਆਪ) ਦੇ ਯੂਥ ਵਿੰਗ ਦੇ ਨਵ-ਨਿਯੁਕਤ ਸ਼ਹਿਰੀ ਪ੍ਰਧਾਨ ਯੁਵਰਾਜ ਵਰਮਾ ਨੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨਾਲ ਵਿਸ਼ੇਸ਼ ਮੁਲਾਕਾਤ ਕੀਤੀ।ਇਸ ਮੁਲਾਕਾਤ ਦੌਰਾਨ ਯੂਥ ਵਿੰਗ ਦੀ ਟੀਮ ਵੱਲੋਂ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ।ਮੁਲਾਕਾਤ ਦੌਰਾਨ ਨਵ-ਨਿਯੁਕਤ ਸ਼ਹਿਰੀ ਪ੍ਰਧਾਨ ਯੁਵਰਾਜ ਵਰਮਾ ਤੇ ਯੂਥ ਵਿੰਗ ਦੇ ਹੋਰ ਅਹੁਦੇਦਾਰਾਂ ਨੇ ਪਾਰਟੀ ਦੀ ਮਜ਼ਬੂਤੀ ਤੇ ਨੀਤੀਆਂ ਨੂੰ ਘਰ-ਘਰ ਪਹੁੰਚਾਉਣ ਲਈ ਪੂਰੀ ਲਗਨ ਤੇ ਤਨਦੇਹੀ ਨਾਲ ਕੰਮ ਕਰਨ ਦਾ ਭਰੋਸਾ ਦਿੱਤਾ।ਉਨ੍ਹਾਂ ਕਿਹਾ ਕਿ ਯੂਥ ਵਿੰਗ ਪਾਰਟੀ ਦੀਆਂ ਲੋਕ-ਪੱਖੀ ਨੀਤੀਆਂ ਨੂੰ ਨੌਜਵਾਨ ਵਰਗ ਤੱਕ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾਏਗਾ ਤੇ ਜ਼ਮੀਨੀ ਪੱਧਰ 'ਤੇ ਸੰਗਠਨ ਨੂੰ ਹੋਰ ਮਜ਼ਬੂਤ ਕਰੇਗਾ।ਇਸ ਮੌਕੇ ਸੰਬੋਧਨ ਕਰਦਿਆਂ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਯੁਵਰਾਜ ਵਰਮਾ ਨੂੰ ਨਵੀਂ ਜ਼ਿੰਮੇਵਾਰੀ ਮਿਲਣ 'ਤੇ ਵਧਾਈ ਦਿੱਤੀ।ਵਿਧਾਇਕ ਕੋਹਲੀ ਨੇ ਕਿਹਾ ਕਿ ਨੌਜਵਾਨ ਕਿਸੇ ਵੀ ਪਾਰਟੀ ਦੀ ਰੀੜ੍ਹ ਦੀ ਹੱਡੀ ਹੁੰਦੇ ਹਨ।ਉਨ੍ਹਾਂ ਕਿਹਾ ਕਿ ਨੌਜਵਾਨਾਂ ਦੀ ਊਰਜਾ, ਜੋਸ਼ ਤੇ ਸਕਾਰਾਤਮਕ ਸੋਚ ਨਾਲ ਹੀ ਸਮਾਜ ਤੇ ਸੂਬੇ ਵਿੱਚ ਉਸਾਰੂ ਬਦਲਾਅ ਲਿਆਂਦਾ ਜਾ ਸਕਦਾ ਹੈ।ਉਨ੍ਹਾਂ ਯੂਥ ਵਿੰਗ ਦੇ ਨਵੇਂ ਅਹੁਦੇਦਾਰਾਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਉਹ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਹਮੇਸ਼ਾ ਤੱਤਪਰ ਰਹਿਣ ਤੇ ਸਰਕਾਰ ਦੀਆਂ ਭਲਾਈ ਸਕੀਮਾਂ ਦਾ ਲਾਭ ਆਮ ਲੋਕਾਂ ਤੱਕ ਪਹੁੰਚਾਉਣ ਵਿੱਚ ਸਹਿਯੋਗ ਕਰਨ।ਇਸ ਮੌਕੇ ਯੂਥ ਵਿੰਗ ਦੇ ਕਈ ਸਥਾਨਕ ਆਗੂ ਤੇ ਵਰਕਰ ਹਾਜ਼ਰ ਸਨ।

## ਵਿਆਹੁਤਾ ਤੇ ਨੌਜਵਾਨ ਦੀਆਂ ਮਿਲੀਆਂ ਲਾਸ਼ਾਂ ਦੇ ਮਾਮਲੇ 'ਚ ਅਣਪਛਾਤਿਆਂ ਖਿਲਾਫ਼ ਕੇਸ ਦਰਜ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ)**-ਲੰਘੀ ਸ਼ਾਮ ਸਥਾਨਕ ਸ਼ਹਿਰ ਦੇ ਗੁਰੂ ਤੇਗ ਬਹਾਦਰ ਨਗਰ ਵਿਖੇ ਮੁਹੱਲੇ ਦੇ ਇੱਕ ਮਕਾਨ 'ਚੋਂ ਇੱਕ ਵਿਆਹੁਤਾ ਔਰਤ ਤੇ ਇੱਕ ਨੌਜਵਾਨ ਦੀ ਭੇਦਭਰੀ ਹਾਲਤ 'ਚ ਮਿਲੀਆਂ ਮ੍ਰਿਤਕ ਦੇਹਾਂ ਸੰਬੰਧੀ ਸਿਟੀ ਪੁਲਸ ਵੱਲੋਂ ਅਣਪਛਾਤਿਆਂ ਖਿਲਾਫ਼ ਵੱਖ-ਵੱਖ ਧਾਰਾਵਾਂ ਹੇਠ ਮੁੱਕਦਮਾ ਦਰਜ ਕਰ ਲਿਆ ਗਿਆ।ਥਾਣਾ ਸਿਟੀ ਧੂਰੀ ਦੇ ਮੁਖੀ ਥਾਣੇਦਾਰ ਜੈਦੀਪ ਸ਼ਰਮਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੁਲਸ ਕੋਲ ਮ੍ਰਿਤਕ ਲੜਕੀ ਦੇ ਪਿਤਾ ਜਰਨੈਲ ਸਿੰਘ ਵਾਸੀ ਬੀਹਲਾ (ਬਰਨਾਲਾ) ਨੇ ਦਿੱਤੇ ਬਿਆਨ 'ਚ ਉਸ ਦੀ ਲੜਕੀ ਹਰਪਾਲ ਕੌਰ (31) ਦੀ ਕੁੱਟਮਾਰ ਕਰਕੇ ਕਤਲ ਕਰਨ ਤੇ ਗੁਰਪ੍ਰੀਤ ਸਿੰਘ ਨੂੰ ਆਤਮ ਹੱਤਿਆ ਕਰਨ ਲਈ ਮਜਬੂਰ ਕਰਨ ਦਾ ਦੋਸ਼ ਲਗਾਉਂਦਿਆਂ ਕਿਹਾ ਕਿ ਉਸ ਦੀ ਲੜਕੀ ਹਰਪਾਲ ਕੌਰ ਦਾ ਵਿਆਹ ਕਰੀਬ ਅੱਠ ਸਾਲ ਪਹਿਲਾਂ ਪਿੰਡ ਪੁੰਨਾਵਾਲ ਦੇ ਸਰਕਾਰੀ ਅਧਿਆਪਕ ਬਲਜਿੰਦਰ ਸਿੰਘ ਨਾਲ ਹੋਇਆ ਸੀ।ਲੜਕੀ ਦੇ ਪਿਤਾ ਅਨੁਸਾਰ ਗੁਰਪ੍ਰੀਤ ਸਿੰਘ ਵਾਸੀ ਪੁੰਨਾਵਾਲ ਦਾ ਉਨ੍ਹਾਂ ਦੀ ਲੜਕੀ ਦੇ ਘਰ ਆਉਣ-ਜਾਣ ਸੀ ਅਤੇ ਬੀਤੇ ਦਿਨ 19 ਨਵੰਬਰ ਨੂੰ ਵੀ ਗੁਰਪ੍ਰੀਤ ਸਿੰਘ ਧੂਰੀ ਸਥਿਤ ਇਸ ਘਰ ਆਇਆ ਸੀ ਅਤੇ ਜਦੋਂ ਦੇਖਿਆ ਤਾਂ ਕਮਰੇ ਅੰਦਰ ਹਰਪਾਲ ਕੌਰ ਦੀ ਮ੍ਰਿਤਕ ਦੇਹ ਪਈ ਸੀ, ਜਦਕਿ ਗੁਰਪ੍ਰੀਤ ਸਿੰਘ ਦੀ ਲਾਸ਼ ਪੱਖੇ ਨਾਲ ਲਟਕਦੀ ਮਿਲੀ।ਮ੍ਰਿਤਕਾ ਦੇ ਪਿਤਾ ਨੇ ਖਦਸ਼ਾ ਜ਼ਾਹਰ ਕੀਤਾ ਹੈ ਕਿ ਕਿਸੇ ਅਣਪਛਾਤੇ ਵਿਅਕਤੀ ਜਾਂ ਵਿਅਕਤੀਆਂ ਵੱਲੋਂ ਉਸ ਦੀ ਧੀ ਦੀ ਕੁੱਟਮਾਰ ਕਰਕੇ ਕਤਲ ਕੀਤਾ ਗਿਆ ਹੈ ਅਤੇ ਉਨ੍ਹਾਂ ਹੀ ਅਣਪਛਾਤਿਆਂ ਤੋਂ ਤੰਗ ਆ ਕੇ ਗੁਰਪ੍ਰੀਤ ਸਿੰਘ ਨੇ ਫਾਹਾ ਲੈ ਕੇ ਆਪਣੀ ਜਾਨ ਦੇ ਦਿੱਤੀ, ਜਿਸ ਦਾ ਪੁਲਸ ਵੱਲੋਂ ਦਰਵਾਜ਼ਾ ਖੁੱਲ੍ਹਵਾਉਣ 'ਤੇ ਪਤਾ ਲੱਗਿਆ।ਥਾਣੇਦਾਰ ਜੈਦੀਪ ਸ਼ਰਮਾ ਨੇ ਦੱਸਿਆ ਕਿ ਮ੍ਰਿਤਕ ਵਿਆਹੁਤਾ ਦੇ ਪਿਤਾ ਦੇ ਬਿਆਨ ਦੇ ਅਧਾਰ 'ਤੇ ਅਣਪਛਾਤਿਆਂ ਖਿਲਾਫ਼ ਬੀ.ਐੱਨ.ਐੱਸ. ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਮੁੱਕਦਮਾ ਦਰਜ ਕਰ ਲਿਆ ਹੈ ਤੇ ਵਾਰਦਾਤ ਸਬੰਧੀ ਬਾਰੀਕੀ ਨਾਲ ਪੜਤਾਲ ਕੀਤੀ ਜਾ ਰਹੀ ਹੈ।

## ਰਾਮਗੜ੍ਹ ਸਕੂਲ 'ਚ ਸਾਲਾਨਾ ਇਨਾਮ ਵੰਡ ਸਮਾਗਮ ਤੇ ਐਥਲੈਟਿਕਸ ਮੀਟ ਕਰਵਾਈ



**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**

ਸਰਕਾਰੀ ਹਾਈ ਸਕੂਲ ਰਾਮਗੜ੍ਹ ਵਿਖੇ ਜ਼ਿਲ੍ਹਾ ਸਿੱਖਿਆ ਅਫ਼ਸਰ ਸਨਤਇੰਦਰ ਸਿੰਘ ਦੀ ਅਗਵਾਈ ਹੇਠ, ਡੀ.ਡੀ.ਓ. ਹਰੀਸ਼ ਕੁਮਾਰ ਦੀ ਨਿਗਰਾਨੀ ਤੇ ਸਕੂਲ ਇੰਚਾਰਜ ਮਨਜਿੰਦਰ ਕੌਰ ਦੇ ਸਹਿਯੋਗ ਨਾਲ ਸਾਲਾਨਾ ਇਨਾਮ ਵੰਡ ਸਮਾਗਮ ਤੇ ਐਥਲੈਟਿਕਸ ਮੀਟ ਕਰਵਾਈ ਗਈ।ਇਸ ਮੌਕੇ ਪੜ੍ਹਾਈ, ਖੇਡਾਂ ਤੇ ਸੱਭਿਆਚਾਰਕ ਗਤੀਵਿਧੀਆਂ ਵਿੱਚ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ।ਸਮਾਗਮ ਦੌਰਾਨ ਪਿੰਡ ਦੇ ਸਾਬਕਾ ਸਰਪੰਚ ਰਾਜਵਿੰਦਰ ਸਿੰਘ ਰਾਜਾ, ਐੱਨ.ਆਰ.ਆਈ. ਅਮਰਜੀਤ ਸਿੰਘ ਚਾਹਲ, ਸੁਖਵਿੰਦਰ ਸਿੰਘ ਸੰਧੂ ਤੇ ਮਾਸਟਰ ਚਮਕੌਰ ਸਿੰਘ ਸੰਧੂ ਦੇ ਸਹਿਯੋਗ ਨਾਲ ਹਰੇਕ ਜਮਾਤ ਵਿੱਚੋਂ ਪਹਿਲੀ ਪੁਜ਼ੀਸ਼ਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ 1200 ਰੁਪਏ, ਦੂਜੀ ਪੁਜ਼ੀਸ਼ਨ ਵਾਲਿਆਂ ਨੂੰ 1000 ਰੁਪਏ ਤੇ ਤੀਜੀ ਪੁਜ਼ੀਸ਼ਨ ਹਾਸਲ ਕਰਨ ਵਾਲਿਆਂ ਨੂੰ 800 ਰੁਪਏ ਦੇ ਨਕਦ ਇਨਾਮਾਂ ਦੇ ਨਾਲ ਟਰਾਫੀਆਂ ਦੇ ਕੇ ਸਨਮਾਨਤ ਕੀਤਾ ਗਿਆ।ਇਸ ਤੋਂ ਇਲਾਵਾ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਮੈਡਲ ਦੇ ਕੇ ਸਨਮਾਨਤ ਕੀਤਾ ਗਿਆ।ਸਕੂਲ ਦੇ ਵਿਦਿਆਰਥੀ ਅਰਮਾਨਜੋਤ ਸਿੰਘ ਵੱਲੋਂ ਕੁਸ਼ਤੀ ਵਿੱਚ ਸਟੇਟ ਪੱਧਰ 'ਤੇ ਪਹਿਲੀ ਪੁਜ਼ੀਸ਼ਨ ਹਾਸਲ ਕਰਨ 'ਤੇ ਸਾਬਕਾ ਸਰਪੰਚ ਰਾਜਵਿੰਦਰ ਸਿੰਘ ਰਾਜਾ, ਮਾਸਟਰ ਗੁਰਨਾਮ ਸਿੰਘ, ਜਗਰਾਜ ਸਿੰਘ ਤੇ ਕਰਮਜੀਤ ਸਿੰਘ ਪੰਚ ਵੱਲੋਂ 1100 ਰੁਪਏ ਦੀ ਰਾਸ਼ੀ ਦੇ ਕੇ ਹੌਸਲਾ ਅਫ਼ਜ਼ਾਈ ਕੀਤੀ ਗਈ।ਇਸ ਮੌਕੇ ਸਕੂਲ ਦੀ ਗੱਤਕਾ ਟੀਮ ਨੂੰ ਵੀ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਜ਼ਿਲ੍ਹਾ ਸਿੱਖਿਆ ਅਫ਼ਸਰ ਸਨਤਇੰਦਰ ਸਿੰਘ ਵੱਲੋਂ ਵੀ ਖੇਡਾਂ ਵਿੱਚ ਪ੍ਰਾਪਤੀਆਂ ਕਰਨ ਵਾਲੇ ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਕੀਤੀ ਗਈ।

ਇਸ ਦੇ ਨਾਲ ਹੀ ਸਕੂਲ ਦੇ ਸਮੂਹ ਸਟਾਫ਼ ਅੰਮ੍ਰਿਤਪਾਲ ਕੌਰ, ਹਰਪ੍ਰੀਤ ਕੌਰ, ਕੁਲਵਿੰਦਰ ਕੌਰ, ਨੀਰਜ, ਹਰਮਨਪ੍ਰੀਤ ਸਿੰਘ ਤੇ ਬਲਪ੍ਰੀਤ ਸਿੰਘ ਨੇ ਪਤਵੰਤੇ ਸੱਜਣਾਂ ਨਾਲ ਮਿਲ ਕੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ।ਸਕੂਲ ਕਮੇਟੀ ਦੀ ਚੇਅਰਮੈਨ ਸਿਮਰਜੀਤ ਕੌਰ ਤੇ ਐੱਸ.ਐੱਮ.ਸੀ. ਮੈਂਬਰਾਂ ਦੇ ਸਹਿਯੋਗ ਨਾਲ ਪੜ੍ਹਾਈ ਤੇ ਸੱਭਿਆਚਾਰਕ ਗਤੀਵਿਧੀਆਂ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਵੀ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ।

## ਚੱਕ ਸੋਤਰੀਆਂ ਦੀ ਪੰਚਾਇਤ ਸ਼੍ਰੋਮਣੀ ਅਕਾਲੀ ਦਲ 'ਚ ਸ਼ਾਮਲ



**ਜਲਾਲਾਬਾਦ (ਜੀਤ ਕੁਮਾਰ, ਜੰਗੀਰ ਕੌਰ)**-ਸਾਬਕਾ ਵਿਧਾਇਕ ਜਲਾਲਾਬਾਦ ਸ. ਰਮਿੰਦਰ ਸਿੰਘ ਆਵਲਾ ਦੇ ਗ੍ਰਹਿ ਵਿਖੇ ਪਿੰਡ ਚੱਕ ਸੋਤਰੀਆਂ (ਬਸਤੀ ਬੋਰੀਆਂ) ਦੀ ਸਮੁੱਚੀ ਪੰਚਾਇਤ ਤੇ ਪਿੰਡ ਵਾਸੀਆਂ ਨੇ ਕਾਂਗਰਸ ਪਾਰਟੀ ਨੂੰ ਅਲਵਿਦਾ ਕਹਿ ਕੇ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਮੂਲੀਅਤ ਕੀਤੀ। ਇਸ ਮੌਕੇ ਸਰਪੰਚ ਕ੍ਰਿਸ਼ਨ ਰਾਣੀ ਧਰਮਪਤਨੀ ਬਲਵੰਤ ਸਿੰਘ, ਮੈਂਬਰ ਸੀਤਾ ਬਾਈ ਧਰਮਪਤਨੀ ਸਤਨਾਮ ਸਿੰਘ, ਮੈਂਬਰ ਮਹਿੰਗਾ ਸਿੰਘ, ਮੈਂਬਰ ਕਾਕਾ ਸਿੰਘ, ਰਾਮਦੇਵ, ਵੀਰ ਸਿੰਘ, ਲਸ਼ਮਣ ਦਾਸ, ਜਗਸੀਰ ਸਿੰਘ, ਭਗਵਾਨ ਦਾਸ, ਬਿੱਟੂ, ਰਾਜਾ ਤੇ ਅਮਰਜੀਤ ਸਿੰਘ ਸਮੇਤ ਹੋਰ ਪਿੰਡ ਵਾਸੀ ਮੌਜੂਦ ਰਹੇ। ਸ. ਰਮਿੰਦਰ ਸਿੰਘ ਆਵਲਾ ਨੇ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਸਾਰੇ ਸਾਥੀਆਂ ਦਾ ਸਵਾਗਤ ਕਰਦਿਆਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਵਿੱਚ ਉਨ੍ਹਾਂ ਨੂੰ ਪੂਰਾ ਮਾਣ-ਸਤਿਕਾਰ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਲੋਕਾਂ ਦਾ ਵਧ ਰਿਹਾ ਵਿਸ਼ਵਾਸ ਤੇ ਸਾਥ ਪਾਰਟੀ ਨੂੰ ਹੋਰ ਮਜ਼ਬੂਤੀ ਪ੍ਰਦਾਨ ਕਰ ਰਿਹਾ ਹੈ।

## ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਸੰਬੰਧੀ ਸ਼ੋਭਾ ਯਾਤਰਾ ਦੇ ਸਵਾਗਤ ਲਈ ਤਿਆਰੀਆਂ ਸ਼ੁਰੂ

### ਵਧੀਕ ਡਿਪਟੀ ਕਮਿਸ਼ਨਰ ਵੱਲੋਂ ਪ੍ਰਬੰਧਾਂ ਦਾ ਜਾਇਜ਼ਾ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਮੌਕੇ ਪੰਜਾਬ ਰਾਜ ਵਿੱਚ ਸ਼ੋਭਾ ਯਾਤਰਾ ਕਰਵਾਈ ਜਾ ਰਹੀ ਹੈ। ਇਸ ਸਬੰਧੀ ਜਾਇਜ਼ਾ ਲੈਂਦਿਆਂ ਪਟਿਆਲਾ ਦੇ ਵਧੀਕ ਡਿਪਟੀ ਕਮਿਸ਼ਨਰ ਸ੍ਰੀ ਕੁਲਦੀਪ ਬਾਵਾ ਨੇ ਦੱਸਿਆ ਕਿ ਇਹ ਸ਼ੋਭਾ ਯਾਤਰਾ ਪਟਿਆਲਾ ਵਿਖੇ 2 ਦਸੰਬਰ ਨੂੰ ਪਾਤੜਾਂ, ਸਮਾਣਾ ਰਾਹੀਂ ਆਉਂਦੇ ਹੋਏ ਪਟਿਆਲਾ ਵਿਖੇ ਪਹੁੰਚੇਗੀ ਤੇ 3 ਦਸੰਬਰ ਨੂੰ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਵਿਖੇ ਰਵਾਨਾ ਹੋਵੇਗੀ। ਮੀਟਿੰਗ ਦੌਰਾਨ ਪਾਲਕੀ ਸਾਹਿਬ ਦੇ ਰੂਟ 'ਤੇ ਸਫ਼ਾਈ, ਸਜਾਵਟ, ਰੋਸ਼ਨੀ, ਟ੍ਰੈਫ਼ਿਕ ਪ੍ਰਬੰਧ, ਪੀਣ ਵਾਲੇ ਪਾਣੀ ਦੀ ਸੁਵਿਧਾ, ਮੈਡੀਕਲ ਸਹੂਲਤ, ਸੁਰੱਖਿਆ ਪ੍ਰਬੰਧ ਤੇ ਭੀੜ ਪ੍ਰਬੰਧਨ ਨਾਲ ਜੁੜੇ ਮੁੱਖ ਬਿੰਦੂਆਂ ਉੱਤੇ ਚਰਚਾ ਕੀਤੀ ਗਈ।

ਇਹ ਯਕੀਨੀ ਬਣਾਇਆ ਜਾ ਰਿਹਾ ਹੈ ਕਿ ਨਗਰ ਕੀਰਤਨ ਵਿੱਚ ਸ਼ਾਮਲ ਹੋਣ ਵਾਲੀਆਂ ਹਜ਼ਾਰਾਂ ਸੰਗਤਾਂ ਨੂੰ ਕਿਸੇ ਵੀ ਤਰ੍ਹਾਂ ਦੀ ਅਸੁਵਿਧਾ ਦਾ ਸਾਹਮਣਾ ਨਾ ਕਰਨਾ ਪਵੇ। ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪੁਲਸ, ਨਗਰ ਨਿਗਮ, ਲੋਕ ਨਿਰਮਾਣ ਵਿਭਾਗ, ਵਾਟਰ ਸਪਲਾਈ, ਫੋਰੈਸਟ ਵਿਭਾਗ, ਫਾਇਰ ਬ੍ਰਿਗੇਡ, ਪਬਲਿਕ ਹੈਲਥ, ਐਮਰਜੈਂਸੀ ਸਰਵਿਸਜ਼ ਤੇ ਐੱਸ.ਡੀ. ਐਮਜ਼ ਨੂੰ ਆਪਣੀ-ਆਪਣੀ ਜ਼ਿੰਮੇਵਾਰੀ ਨਿਭਾਉਣ ਲਈ ਸਪੱਸ਼ਟ ਨਿਰਦੇਸ਼ ਜਾਰੀ ਕੀਤੇ ਗਏ। ਪੁਲਸ ਵਿਭਾਗ ਨੂੰ ਟ੍ਰੈਫਿਕ ਡਾਇਵਰਜ਼ਨ, ਸੁਰੱਖਿਆ ਘੇਰਾ ਤੇ ਰੂਟ ਪਲਾਨ ਸੰਬੰਧੀ ਖਾਸ ਤਿਆਰੀਆਂ ਕਰਨ ਲਈ ਕਿਹਾ ਗਿਆ। ਨਗਰ ਨਿਗਮ ਨੂੰ ਸਫ਼ਾਈ ਮੁਹਿੰਮ 'ਤੇ ਧਿਆਨ ਕੇਂਦਰਿਤ ਕਰਦੇ ਹੋਏ ਰੂਟ 'ਤੇ ਖਾਸ ਤੌਰ 'ਤੇ ਵਾਧੂ ਕਰਮਚਾਰੀ ਤਾਇਨਾਤ ਕਰਨ ਦੇ ਆਦੇਸ਼ ਦਿੱਤੇ ਗਏ।

ਪਬਲਿਕ ਹੈਲਥ ਤੇ ਵਾਟਰ ਸਪਲਾਈ ਵਿਭਾਗਾਂ ਨੂੰ ਸਾਫ਼ ਪਾਣੀ ਦੀ ਉਪਲਬਧਤਾ ਯਕੀਨੀ ਬਣਾਉਣ ਲਈ ਕਿਹਾ ਗਿਆ। ਲੋਕ ਨਿਰਮਾਣ ਵਿਭਾਗ ਵੱਲੋਂ ਰੂਟ 'ਤੇ ਸੜਕਾਂ ਦੀ ਮੁਰੰਮਤ ਤੇ ਜ਼ਰੂਰੀ ਸੁਧਾਰ ਕੰਮ ਤੁਰੰਤ ਪੂਰੇ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਫਾਇਰ ਬ੍ਰਿਗੇਡ ਨੂੰ ਐਮਰਜੈਂਸੀ ਦੇ ਮੱਦੇਨਜ਼ਰ ਤੁਰੰਤ ਕਾਰਵਾਈ ਲਈ ਅਲਰਟ ਰਹਿਣ ਤੇ ਰੂਟ 'ਤੇ ਸਟੈਂਡਬਾਈ ਗੱਡੀਆਂ ਤਾਇਨਾਤ ਕਰਨ ਲਈ ਕਿਹਾ ਗਿਆ। ਮੀਟਿੰਗ ਦੌਰਾਨ ਅਧਿਕਾਰੀਆਂ ਨੇ ਯਕੀਨ ਦਵਾਇਆ ਕਿ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਮੌਕੇ ਸ਼ੋਭਾ ਯਾਤਰਾ ਦਾ ਸਮਾਗਮ ਪੂਰੇ ਆਦਰ-ਸਤਿਕਾਰ ਨਾਲ ਮਨਾਇਆ ਜਾਵੇਗਾ। ਇਸ ਮੌਕੇ ਪੀ ਸੀ ਐੱਸ ਕੁਲਦੀਪ ਬਾਵਾ ਤੇ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

## ਆਰ ਟੀ ਓ ਵੱਲੋਂ ਸਕੂਲੀ ਬੱਸਾਂ ਦੀ ਵਿਸ਼ੇਸ਼ ਚੈਕਿੰਗ, 5 ਬੱਸਾਂ ਦੇ ਕੀਤੇ ਚਲਾਨ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਸਕੂਲੀ ਵਿਦਿਆਰਥੀਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਖੇਤਰੀ ਟਰਾਂਸਪੋਰਟ ਅਫ਼ਸਰ (ਆਰ.ਟੀ.ਓ.) ਬਠਿੰਡਾ ਸ੍ਰੀ ਅਮਰਿੰਦਰ ਪਾਲ ਸਿੰਘ ਚੌਹਾਨ ਵੱਲੋਂ ਆਪਣੀ ਟੀਮ ਨਾਲ ਸਕੂਲੀ ਬੱਸਾਂ ਦੀ ਵਿਸ਼ੇਸ਼ ਚੈਕਿੰਗ ਕੀਤੀ ਗਈ।ਇਸ ਦੌਰਾਨ ਨਿਰਧਾਰਤ ਟਰਾਂਸਪੋਰਟ ਨਿਯਮਾਂ ਤੇ ਬੱਚਿਆਂ ਦੀ ਸੁਰੱਖਿਆ ਨਾਲ ਸਬੰਧਤ ਰੂਲਾਂ ਦੀ ਜਾਂਚ ਕੀਤੀ।ਚੈਕਿੰਗ ਦੌਰਾਨ ਨਿਯਮਾਂ ਦੀ ਉਲੰਘਣਾ ਪਾਏ ਜਾਣ 'ਤੇ ਕਲੇਅ ਇੰਡੀਆ ਇੰਟਰਨੈਸ਼ਨਲ ਸਕੂਲ, ਸੰਗਤ ਕਲਾਂ ਦੀਆਂ ਪੰਜ ਬੱਸਾਂ ਦੇ ਚਲਾਨ ਕੱਟੇ ਗਏ ਤੇ ਜੁਰਮਾਨੇ ਦੀ ਰਕਮ ਵੀ ਜਮ੍ਹਾਂ ਕਰਵਾਈ ਗਈ।ਆਰ.ਟੀ.ਓ. ਨੇ ਦੱਸਿਆ ਕਿ ਇਹ ਵਿਸ਼ੇਸ਼ ਚੈਕਿੰਗ ਮੁਹਿੰਮ ਸਰਕਾਰ ਦੀ ਸੇਫ਼ ਸਕੂਲ ਵਾਹਨ ਪਾਲਿਸੀ ਦੇ ਉਦੇਸ਼ਾਂ ਤਹਿਤ ਚਲਾਈ ਗਈ ਹੈ, ਤਾਂ ਜੋ ਸਕੂਲੀ ਬੱਚਿਆਂ ਨੂੰ ਸੁਰੱਖਿਅਤ ਤੇ ਭਰੋਸੇਯੋਗ ਆਵਾਜਾਈ ਸਹੂਲਤ ਮੁਹੱਈਆ।ਇਸ ਪਾਲਿਸੀ ਤਹਿਤ ਸਕੂਲੀ ਵਾਹਨਾਂ ਦੇ ਲੋੜੀਂਦੇ ਦਸਤਾਵੇਜ਼, ਫਿਟਨੈੱਸ ਸਰਟੀਫਿਕੇਟ, ਸੁਰੱਖਿਆ ਉਪਕਰਨ, ਸਿਖਲਾਈ ਪ੍ਰਾਪਤ ਡਰਾਈਵਰਾਂ ਤੇ ਸਹਾਇਕਾਂ ਸਮੇਤ ਹੋਰ ਲਾਜ਼ਮੀ ਸੁਰੱਖਿਆ ਮਾਪਦੰਡਾਂ ਦੀ ਪਾਲਣਾ ਕਰਨੀ ਜ਼ਰੂਰੀ ਹੈ।ਉਨ੍ਹਾਂ ਕਿਹਾ ਕਿ ਬੱਚਿਆਂ ਦੀ ਸੁਰੱਖਿਆ ਨਾਲ ਕਿਸੇ ਵੀ ਤਰ੍ਹਾਂ ਦਾ ਸਮਝੌਤਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਤੇ ਸੇਫ਼ ਸਕੂਲ ਵਾਹਨ ਪਾਲਿਸੀ ਦੇ ਨਿਯਮਾਂ ਨੂੰ ਸਖ਼ਤੀ ਨਾਲ ਲਾਗੂ ਕੀਤਾ ਜਾਵੇਗਾ।ਆਰ.ਟੀ.ਓ ਨੇ ਸਮੂਹ ਸਕੂਲ ਪ੍ਰਬੰਧਕਾਂ, ਪ੍ਰਿੰਸੀਪਲਾਂ ਤੇ ਸਕੂਲੀ ਬੱਸਾਂ ਦੇ ਆਪ੍ਰੇਟਰਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਵਾਹਨਾਂ ਵਿੱਚ ਨਿਰਧਾਰਤ ਸੁਰੱਖਿਆ ਮਾਪਦੰਡਾਂ ਤੇ ਕਾਨੂੰਨੀ ਨਿਯਮਾਂ ਦੀ ਪੂਰੀ ਤਰ੍ਹਾਂ ਪਾਲਣਾ ਯਕੀਨੀ ਬਣਾਉਣ।ਉਨ੍ਹਾਂ ਮਾਪਿਆਂ ਨੂੰ ਵੀ ਅਪੀਲ ਕੀਤੀ ਕਿ ਉਹ ਬੱਚਿਆਂ ਦੀ ਸਕੂਲੀ ਆਵਾਜਾਈ ਸਬੰਧੀ ਸੁਰੱਖਿਆ ਪ੍ਰਤੀ ਸੁਚੇਤ ਰਹਿਣ ਤੇ ਕਿਸੇ ਵੀ ਤਰ੍ਹਾਂ ਦੀ ਉਲੰਘਣਾ ਸਾਹਮਣੇ ਆਉਣ 'ਤੇ ਸਬੰਧਤ ਵਿਭਾਗ ਦੇ ਧਿਆਨ ਵਿੱਚ ਲਿਆਉਣ।

## ਡੀ ਪੀ ਐੱਸ ਖੰਨਾ 'ਚ ਫਾਊਂਡਰਜ਼ ਡੇਅ ਮਨਾਇਆ



**ਦੋਰਾਹਾ (ਹਰਮਿੰਦਰ ਸੇਠ)**-ਦਿੱਲੀ ਪਬਲਿਕ ਸਕੂਲ (ਡੀ.ਪੀ.ਐੱਸ.) ਖੰਨਾ ਵਿਖੇ ਸੀਨੀਅਰ ਵਿਦਿਆਰਥੀਆਂ ਦਾ 16ਵਾਂ ਫਾਊਂਡਰਜ਼ ਡੇਅ ਬੜੇ ਉਤਸ਼ਾਹ ਤੇ ਸ਼ਾਨੋ-ਸ਼ੌਕਤ ਨਾਲ ਮਨਾਇਆ ਗਿਆ। ਸਮਾਗਮ ਵਿੱਚ ਪੰਜਾਬ ਦੇ ਮਹਾਤਮਾ ਗਾਂਧੀ ਸਟੇਟ ਇੰਸਟੀਚਿਊਟ ਆਫ਼ ਪਬਲਿਕ ਐਡਮਿਨਿਸਟ੍ਰੇਸ਼ਨ ਦੇ ਵਿਸ਼ੇਸ਼ ਮੁੱਖ ਸਕੱਤਰ-ਕਮ-ਡਾਇਰੈਕਟਰ ਜਨਰਲ ਸ੍ਰੀ ਅਨਿਰੁੱਧ ਤਿਵਾੜੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ, ਜਦਕਿ ਸ੍ਰੀਮਤੀ ਤੁਹਿਨਾ ਤਿਵਾੜੀ ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰ ਹੋਏ। ਮੁੱਖ ਮਹਿਮਾਨ ਨੇ ਸਕੂਲ ਦੇ ਸ਼ਾਨਦਾਰ ਬੁਨਿਆਦੀ ਢਾਂਚੇ ਤੇ ਵਿਦਿਆਰਥੀਆਂ ਦੀਆਂ ਪੇਸ਼ਕਾਰੀਆਂ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਸਵੈ-ਵਿਸ਼ਵਾਸ, ਇਮਾਨਦਾਰੀ, ਤਰਕਸ਼ੀਲ ਸੋਚ ਤੇ ਨਿਰੰਤਰ ਮਿਹਨਤ ਦੇ ਗੁਣ ਅਪਣਾਉਣ ਲਈ ਪ੍ਰੇਰਿਤ ਕੀਤਾ।ਉਨ੍ਹਾਂ ਵਿਕਸਿਤ ਭਾਰਤ-2047 ਦੇ ਸੁਪਨੇ ਨੂੰ ਸਾਕਾਰ ਕਰਨ ਲਈ ਜ਼ਿੰਮੇਵਾਰ ਨਾਗਰਿਕ ਬਣਨ ਦਾ ਸੱਦਾ ਦਿੱਤਾ। ਚੇਅਰਮੈਨ ਸ੍ਰੀ ਡੀ. ਐੱਸ. ਬੈਂਸ ਨੇ ਮਹਿਮਾਨਾਂ ਦਾ ਸਵਾਗਤ ਕਰਦਿਆਂ ਪੰਜਾਬ ਨਾਲ ਗੁਰੂਦੇਵ ਰਬਿੰਦਰਨਾਥ ਟੈਗੋਰ ਦੇ ਸਬੰਧਾਂ ਤੇ ਪਾਣੀ ਦੀ ਸੰਭਾਲ ਦੀ ਮਹੱਤਤਾ ਬਾਰੇ ਚਾਨਣਾ ਪਾਇਆ। ਪ੍ਰਿੰਸੀਪਲ ਸ੍ਰੀਮਤੀ ਸੁਸ਼ਮਿਤਾ ਕਾਨੂੰਗੋ ਨੇ ਸਾਲਾਨਾ ਰਿਪੋਰਟ ਪੇਸ਼ ਕਰਦਿਆਂ ਸਕੂਲ ਦੀਆਂ ਅਕਾਦਮਿਕ ਤੇ ਖੇਡ ਪ੍ਰਾਪਤੀਆਂ ਦਾ ਜ਼ਿਕਰ ਕੀਤਾ। ਹੋਣਹਾਰ ਵਿਦਿਆਰਥੀਆਂ ਨੂੰ ਸਕੂਲ ਬਲੇਜ਼ਰ, ਵਜ਼ੀਫ਼ੇ ਤੇ ਸੋਨੇ ਦੇ ਤਗਮਿਆਂ ਨਾਲ ਸਨਮਾਨਤ ਕੀਤਾ ਗਿਆ, ਜਦਕਿ ਬਿਹਤਰੀਨ ਪਾਠਕਾਂ ਨੂੰ ਵੀ ਵਿਸ਼ੇਸ਼ ਸਨਮਾਨ ਦਿੱਤਾ ਗਿਆ। ਅਧਿਆਪਨ ਖੇਤਰ ਵਿੱਚ ਸ਼ਾਨਦਾਰ ਯੋਗਦਾਨ ਲਈ ਸ੍ਰੀਮਤੀ ਨਿਸ਼ਾ ਭਾਂਬਰੀ ਨੂੰ ਸਾਲ 2025-26 ਦਾ ਸਰਵੋਤਮ ਅਧਿਆਪਕ ਪੁਰਸਕਾਰ ਪ੍ਰਦਾਨ ਕੀਤਾ ਗਿਆ। ਸਮਾਗਮ ਦੌਰਾਨ ਜਲਦਾਨ ਸਮਾਰੋਹ, ਇੰਡੋ-ਵੈਸਟਰਨ ਆਰਕੈਸਟਰਾ, ਕਲਾਸੀਕਲ ਡਾਂਸ ਤੇ ਭੰਗੜੇ ਦੀਆਂ ਪੇਸ਼ਕਾਰੀਆਂ ਖਿੱਚ ਦਾ ਕੇਂਦਰ ਰਹੀਆਂ। ਇਸ ਮੌਕੇ 'ਡੀ.ਪੀ.ਐੱਸ.ਕੇ. ਕ੍ਰੋਨਿਕਲਜ਼' ਪੁਸਤਕ ਜਾਰੀ ਕੀਤੀ ਗਈ ਤੇ ਗੁਰੂਦੇਵ ਰਬਿੰਦਰਨਾਥ ਟੈਗੋਰ ਦੇ ਜੀਵਨ 'ਤੇ ਨਾਟਕੀ ਪੇਸ਼ਕਾਰੀ ਕੀਤੀ ਗਈ। ਵਿਦਿਆਰਥੀਆਂ ਨੇ ਬੰਦਾ ਸਿੰਘ ਬਹਾਦਰ ਦੀ ਬਹਾਦਰੀ ਨੂੰ ਦਰਸਾਉਂਦੀ ਪੇਸ਼ਕਾਰੀ 'ਬੰਦੀ ਬੀਰ' ਵੀ ਪੇਸ਼ ਕੀਤੀ। 'ਦਿ ਮੇਕਿੰਗ ਆਫ਼ ਫਾਊਂਡਰਜ਼ ਡੇਅ' ਰਾਹੀਂ ਸਮਾਗਮ ਦੀਆਂ ਤਿਆਰੀਆਂ ਦੀ ਝਲਕ ਦਿਖਾਈ ਗਈ। ਸਕੂਲ ਦੀ ਹੈੱਡ ਗਰਲ ਮੰਨਤ ਕੌਰ ਨੇ ਧੰਨਵਾਦੀ ਮਤਾ ਪੇਸ਼ ਕੀਤਾ।


**ਉੱਤਰ ਰੇਲਵੇ**

**ਨਿਵਿਦਾ ਸੂਚਨਾ**

ਸੀਨੀ. ਮੰਡਲ ਬਿਜਲੀ ਇੰਜੀਨੀਅਰ/ ਇਲੈਕਟ੍ਰਿਕ ਲੋਕੋ ਸ਼ੈਡ, ਉਤਰ ਰੇਲਵੇ, ਲੁਧਿਆਣਾ ਦੇ ਲਈ ਅਤੇ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਈ-ਨਿਵਿਦਾਵਾਂ ਨੰ. 2026-27-08ਏ ਦੀ ਮੰਗ ਕੀਤੀ ਜਾਂਦੀ ਹੈ। ਨਿਵਿਦਾਕਰਤਾ ਆਪਣੇ ਮੂਲ/ਸੰਸ਼ੋਧਿਤ ਨਿਵਿਦਾ ਮਿਤੀ 14.12.2026 ਨੂੰ 15:00 ਵਜੇ ਤਕ ਪੇਸ਼ ਕਰ ਸਕਦੇ ਹਨ। ਇਨਾਂ ਨਿਵਿਦਾਵਾਂ ਦੇ ਲਈ ਮੈਨੂੰਅਲ ਪ੍ਰਸਤਾਵ ਮਾਨਯ ਨਹੀਂ ਹੈ ਅਤੇ ਐਸੇ ਕਿਸੇ ਵੀ ਮੈਨੂੰਅਲ ਪ੍ਰਾਪਤ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਨਿਵਿਦਾਕਰਤਾ ਨਿਵਿਦਾ ਫਾਰਮ ਦੀ ਲਾਗਤ ਅਤੇ ਬਿਆਨਾ ਰਾਸ਼ੀ ਦੇ ਭੁਗਤਾਨ ਕਰਨ ਦੇ ਲਈ ਕੇਵਲ ਆਈ.ਆਰ.ਈ.ਪੀ.ਐਸ. ਪੋਰਟਲ ਤੇ ਉਪਲਬਧ ਆਨਲਾਈਨ ਸਾਧਨਾਂ ਦੇ ਮਾਧਿਅਮ ਨਾਲ ਜਿਵੇਂ ਨੈਟ ਬੈਂਕਿੰਗ, ਡੇਬਿਟ ਕਾਰਡ ਤੇ ਕਰੈਡਿਟ ਕਾਰਡ ਨਾਲ ਭੁਗਤਾਨ ਕਰ ਸਕਦੇ ਹਨ।


| ਟੈਂਡਰ ਸੰਖਿਆ | 2026-27-08A | | |
|---|---|---|---|
| ਕੰਮਾਂ ਦਾ ਵੇਰਵਾ | 3-ਫੇਜ਼ ਇਲੈਕਟ੍ਰਿਕ ਲੋਕੋਮੋਟਿਵ ਵਿਚ ਸੀਸੀਬੀ ਬ੍ਰੇਕ ਸਿਸਟਮ ਦੀ ਵਿਆਪਕ ਮੁਰੰਮਤ/ਨਵੀਨੀਕਰਨ। | | |
| ਅੰਦਾਜਨ ਲਾਗਤ (₹) | ₹3,74,44,909.92 | ਟੈਂਡਰ ਦੀ ਕੀਮਤ (₹) | 0.00 |
| ਬਿਆਨਾ ਰਾਸ਼ੀ (₹) | ₹7,48,900/- | ਕੰਮ ਦੀ ਅਵਧੀ | 24 ਮਹੀਨੇ |
| ਨਿਵਿਦਾ ਸਮਾਪਤੀ ਮਿਤੀ ਤੇ ਸਮਾਂ | | 14.12.2026 ਨੂੰ 15:00 ਵਜੇ ਤਕ | |
| ਨਿਵਿਦਾ ਖੁਲਣ ਦੀ ਮਿਤੀ ਅਤੇ ਸਮਾਂ | | 14.12.2026 ਨੂੰ 15:00 ਵਜੇ ਦੇ ਬਾਅਦ | |
| ਵੈਬਸਾਈਟ | | www.ireps.gov.in | |

ਨੰ.: 230-Elect/TRS/LDH/WC/CCB/2026-27/08A

ਤਾਰੀਕ: 20.11.2026 4057/2026

ਗਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



## ਸਰਕਾਰ ਸਿੱਖਿਆ ਯੂਨੀਅਨਾਂ ਦੀਆਂ ਜਾਇਜ਼ ਮੰਗਾਂ ਦੇ ਹੱਲ ਲਈ ਯਤਨਸ਼ੀਲ : ਚੀਮਾ



**ਚੰਡੀਗੜ੍ਹ (ਗੁਰਜੀਤ ਬਿੱਲਾ)**

ਸੂਬੇ ਦੇ ਮੁਲਾਜ਼ਮਾਂ ਦੇ ਮਸਲਿਆਂ ਅਤੇ ਚਿੰਤਾਵਾਂ ਨੂੰ ਹੱਲ ਕਰਨ ਲਈ ਗਠਿਤ ਕੈਬਨਿਟ ਸਬ-ਕਮੇਟੀ ਦੇ ਚੇਅਰਮੈਨ ਅਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਵੀਰਵਾਰ ਨੂੰ ਇਥੇ ਰੈਵੇਨਿਊ ਪਟਵਾਰ ਯੂਨੀਅਨ ਅਤੇ ਸਿੱਖਿਆ ਵਿਭਾਗ ਦੀਆਂ ਅੱਠ ਯੂਨੀਅਨਾਂ ਦੇ ਨੁਮਾਇੰਦਿਆਂ ਨਾਲ ਉਨ੍ਹਾਂ ਦੇ ਲੰਬਿਤ ਮਸਲਿਆਂ ਅਤੇ ਮੰਗਾਂ 'ਤੇ ਵਿਚਾਰ-ਵਟਾਂਦਰਾ ਕਰਨ ਲਈ ਲੜੀਵਾਰ ਮੀਟਿੰਗਾਂ ਕੀਤੀਆਂ।ਰੈਵੇਨਿਊ ਪਟਵਾਰ ਯੂਨੀਅਨ, ਪੰਜਾਬ ਦੇ ਨੁਮਾਇੰਦਿਆਂ ਨਾਲ ਮੀਟਿੰਗ ਦੌਰਾਨ ਵਫ਼ਦ ਨੇ ਆਪਣੀਆਂ ਤਨਖ਼ਾਹਾਂ ਗੁਆਂਢੀ ਸੂਬਿਆਂ ਦੇ ਮੁਲਾਜ਼ਮਾਂ ਦੇ ਬਰਾਬਰ ਤੈਅ ਕਰਨ ਦੀ ਮੰਗ ਰੱਖੀ। ਯੂਨੀਅਨ ਦੇ ਨੁਮਾਇੰਦਿਆਂ ਨੂੰ ਉਨ੍ਹਾਂ ਦੀ ਮੰਗ ਦੇ ਜਲਦੀ ਹੱਲ ਦਾ ਭਰੋਸਾ ਦਿੰਦਿਆਂ ਵਿੱਤ ਮੰਤਰੀ ਨੇ ਕਿਹਾ ਕਿ ਮੈਂ ਵਿਸ਼ੇਸ਼ ਸਕੱਤਰ, ਵਿੱਤ ਨੂੰ ਯੂਨੀਅਨ ਨਾਲ ਮੀਟਿੰਗ ਕਰਨ ਅਤੇ ਉਨ੍ਹਾਂ ਦੀ ਮੰਗ ਦਾ ਸਮਾਂਬੱਧ ਤੇ ਢੁਕਵਾਂ ਹੱਲ ਕੱਢਣ ਦੇ ਨਿਰਦੇਸ਼ ਦਿੱਤੇ ਹਨ।ਕੈਬਨਿਟ ਮੰਤਰੀ ਨੇ ਸਿੱਖਿਆ ਵਿਭਾਗ ਦੀਆਂ 7 ਯੂਨੀਅਨਾਂ ਨਾਲ ਵੀ ਵਿਸਥਾਰ ਪੂਰਵਕ ਚਰਚਾ ਕੀਤੀ। ਉਨ੍ਹਾਂ ਦੇ ਮਸਲਿਆਂ ਅਤੇ ਚਿੰਤਾਵਾਂ ਨੂੰ ਵਿਸਥਾਰ ਨਾਲ ਸੁਣਨ ਉਪਰੰਤ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਸਿੱਖਿਆ ਵਿਭਾਗ ਨੂੰ ਯੂਨੀਅਨਾਂ ਵੱਲੋਂ ਉਠਾਈਆਂ ਗਈਆਂ ਸਾਰੀਆਂ ਜਾਇਜ਼ ਮੰਗਾਂ ਦੇ ਜਲਦੀ ਹੱਲ ਨੂੰ ਯਕੀਨੀ ਬਣਾਉਣ ਲਈ ਪ੍ਰਸ਼ਾਸਕੀ ਪ੍ਰਕਿਰਿਆ ਵਿੱਚ ਤੇਜ਼ੀ ਲਿਆਉਣ ਦੇ ਨਿਰਦੇਸ਼ ਦਿੱਤੇ ਗਏ ਹਨ।ਮੀਟਿੰਗਾਂ ਦੌਰਾਨ ਦਿ ਰੈਵੇਨਿਊ ਪਟਵਾਰ ਯੂਨੀਅਨ, ਪੰਜਾਬ ਤੋਂ ਬਲਰਾਜ ਸਿੰਘ ਔਜਲਾ ਅਤੇ ਸੁਖਪ੍ਰੀਤ ਸਿੰਘ ਢਿੱਲੋਂ, 4161 ਰੀਕਾਸਟ ਸੂਚੀਆਂ ਅਧਿਆਪਕ (ਪੰਜਾਬ) ਤੋਂ ਬਲਕਾਰ ਸਿੰਘ ਅਤੇ ਮਨਪ੍ਰੀਤ ਸਿੰਘ, ਵਿਸ਼ੇਸ਼ ਅਧਿਆਪਕ ਯੂਨੀਅਨ ਪੰਜਾਬ ਐਕਸ਼ਨ ਕਮੇਟੀ ਤੋਂ ਵਰਿੰਦਰ ਵੈਹਰਾ ਅਤੇ ਸੁਲੱਖਣ ਸਿੰਘ, ਬੀ.ਐੱਡ. ਟੈੱਟ ਪਾਸ ਬੇਰੁਜ਼ਗਾਰ ਅਧਿਆਪਕ ਯੂਨੀਅਨ ਪੰਜਾਬ ਤੋਂ ਗੁਰਪ੍ਰੀਤ ਸਿੰਘ ਪੱਕਾ ਕਲਾਂ ਅਤੇ ਗੁਰਪ੍ਰੀਤ ਸਿੰਘ ਗਾਜ਼ੀਪੁਰ, ਮੁੜ ਬਹਾਲ ਕੱਚੇ ਅਧਿਆਪਕ ਯੂਨੀਅਨ, ਪੰਜਾਬ ਤੋਂ ਵਿਕਾਸ ਸਾਹਨੀ ਅਤੇ ਲਖਵਿੰਦਰ ਕੌਰ, ਈ ਟੀ ਟੀ ਟੈੱਟ ਪਾਸ 5994 ਬੈਕਲਾਗ ਅਧਿਆਪਕ ਯੂਨੀਅਨ, ਪੰਜਾਬ ਤੋਂ ਅਸ਼ੋਕ ਬਾਵਾ, 10 ਸਾਲ ਸਰਵਿਸ ਪੂਰੀ ਕਰ ਚੁੱਕੇ ਕੱਚੇ ਅਧਿਆਪਕ ਯੂਨੀਅਨ, ਪੰਜਾਬ ਤੋਂ ਜਸਪਾਲ ਸਿੰਘ ਅਤੇ ਮਮਤਾ ਕੌਰ ਅਤੇ ਅਨਏਡਿਡ ਸਟਾਫ ਆਫ਼ ਏਡਿਡ ਸਕੂਲ ਫਰੰਟ ਤੋਂ ਨਿਰਭੈ ਸਿੰਘ ਅਤੇ ਸੁਖਚੈਨ ਸਿੰਘ ਨੇ ਆਪਣੇ ਮਸਲੇ ਅਤੇ ਚਿੰਤਾਵਾਂ ਰੱਖੀਆਂ।

## ਭਾਜਪਾ ਆਪਣੀ ਚਾਰਜਸ਼ੀਟ ਮੁਹਿੰਮ ਮੁੱਖ ਮੰਤਰੀ ਦੇ ਹਲਕੇ ਤੋਂ ਸ਼ੁਰੂ ਕਰੇਗੀ : ਪ੍ਰਦੀਪ ਗਰਗ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ)**-ਭਾਜਪਾ ਦੇ ਸੂਬਾਈ ਆਗੂ ਪ੍ਰਦੀਪ ਗਰਗ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਦੀਆਂ ਨਾਕਾਮੀਆਂ, ਭ੍ਰਿਸ਼ਟਾਚਾਰ ਤੇ ਲੋਕਾਂ ਨਾਲ ਹੋਈਆਂ ਕਥਿਤ ਜ਼ਿਆਦਤੀਆਂ ਨੂੰ ਉਜਾਗਰ ਕਰਨ ਲਈ ਭਾਜਪਾ ਨੇ ਚਾਰਜਸ਼ੀਟ ਕਮੇਟੀ ਬਣਾਈ ਹੈ।ਉਨ੍ਹਾ ਕੱਲ੍ਹ ਕਮੇਟੀ ਦੀ ਜਲੰਧਰ ਵਿਖੇ ਹੋਈ ਪਹਿਲੀ ਮੀਟਿੰਗ ਬਾਰੇ ਦੱਸਦਿਆਂ ਕਿਹਾ ਕਿ ਪੰਜਾਬ ਸਰਕਾਰ ਖ਼ਿਲਾਫ਼ ਚਾਰਜਸ਼ੀਟ ਤਿਆਰ ਕਰਨ ਦੀ ਪ੍ਰਕਿਰਿਆ ਨੂੰ ਇਕ ਦਸਤਾਵੇਜ਼ ਤੱਕ ਸੀਮਤ ਰੱਖਣ ਦੀ ਬਜਾਏ ਇਸ ਨੂੰ ਲੋਕਾਂ ਦੀ ਆਵਾਜ਼ ਬਣਾਇਆ ਜਾਵੇਗਾ।ਉਨ੍ਹਾ ਕਿਹਾ ਕਿ ਪੰਜਾਬ ਦਾ ਹਰ ਵਰਗ ਮੌਜੂਦਾ ਸਰਕਾਰ ਤੋਂ ਪ੍ਰੇਸ਼ਾਨ ਹੈ।ਉਨ੍ਹਾਂ ਦੋਸ਼ ਲਾਇਆ ਕਿ ਸਰਕਾਰ ਭ੍ਰਿਸ਼ਟਾਚਾਰ, ਨਸ਼ਿਆਂ, ਵਿਗੜਦੀ ਕਾਨੂੰਨ-ਵਿਵਸਥਾ, ਗੈਂਗਸਟਰਵਾਦ, ਫਿਰੌਤੀ, ਬੇਰੁਜ਼ਗਾਰੀ ਤੇ ਪੰਜਾਬ ਵਿਚੋਂ ਉਦਯੋਗਾਂ ਦੇ ਪਲਾਇਨ ਵਰਗੇ ਗੰਭੀਰ ਮੁੱਦਿਆਂ ਨਾਲ ਨਜਿੱਠਣ ਵਿੱਚ ਨਾਕਾਮ ਰਹੀ ਹੈ।ਉਨ੍ਹਾਂ ਕਿਹਾ ਕਿ ਪੁਲਸ ਦੀਆਂ ਕਥਿਤ ਜ਼ਿਆਦਤੀਆਂ ਤੇ ਲੋਕਤੰਤਰੀ ਪ੍ਰਕਿਰਿਆ ਨੂੰ ਪ੍ਰਭਾਵਿਤ ਕਰਨ ਵਾਲੀਆਂ ਘਟਨਾਵਾਂ ਨੂੰ ਵੀ ਸਰਕਾਰ ਖ਼ਿਲਾਫ਼ ਚਾਰਜਸ਼ੀਟ ਵਿੱਚ ਸ਼ਾਮਲ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਭਾਜਪਾ ਵਰਕਰ ਬੂਥ ਪੱਧਰ ਤੱਕ ਜਾ ਕੇ ਲੋਕਾਂ ਦੀਆਂ ਸ਼ਿਕਾਇਤਾਂ ਤੇ ਸਰਕਾਰ ਨਾਲ ਸਬੰਧਤ ਉਨ੍ਹਾਂ ਦੀਆਂ ਸਮੱਸਿਆਵਾਂ ਦਰਜ ਕਰਨਗੇ।ਇਸ ਲਈ ਇਕ ਵੈੱਬਸਾਈਟ ਵੀ ਸ਼ੁਰੂ ਕੀਤੀ ਜਾਵੇਗੀ, ਜਿਸ 'ਤੇ ਲੋਕ ਆਪਣੀਆਂ ਸ਼ਿਕਾਇਤਾਂ ਦਰਜ ਕਰਵਾ ਸਕਣਗੇ।ਉਨ੍ਹਾਂ ਕਿਹਾ ਕਿ ਲੋਕਾਂ ਨਾਲ ਹੋਈਆਂ ਜ਼ਿਆਦਤੀਆਂ ਤੇ ਪੁਲਸ ਦੀ ਕਥਿਤ ਧੱਕੇਸ਼ਾਹੀ ਨਾਲ ਸਬੰਧਤ ਸ਼ਿਕਾਇਤਾਂ ਨੂੰ ਸਬੰਧਤ ਅਧਿਕਾਰੀਆਂ ਅੱਗੇ ਉਠਾਇਆ ਜਾਵੇਗਾ ਤੇ ਕਾਨੂੰਨੀ ਪ੍ਰਕਿਰਿਆ ਤਹਿਤ ਅੱਗੇ ਵਧਾਇਆ ਜਾਵੇਗਾ।

## ਬੀ ਕੇ ਯੂ ਰਾਜੇਵਾਲ ਵੱਲੋਂ ਜਲਾਨ ਦੀ 31 ਮੈਂਬਰੀ ਇਕਾਈ ਦਾ ਸਰਬਸੰਮਤੀ ਨਾਲ ਗਠਨ

**ਭਵਾਨੀਗੜ੍ਹ (ਰਾਜ ਖੁਰਮੀ)**-ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਬਲਾਕ ਭਵਾਨੀਗੜ੍ਹ ਵੱਲੋਂ ਪਿੰਡ ਜਲਾਨ ਵਿਖੇ ਕਿਸਾਨਾਂ ਦੀ ਇਕੱਤਰਤਾ ਦੌਰਾਨ ਪਿੰਡ ਇਕਾਈ ਦੀ ਚੋਣ ਸਰਬਸੰਮਤੀ ਨਾਲ ਕੀਤੀ ਗਈ।ਇਸ ਮੌਕੇ ਕਿਸਾਨ ਆਗੂਆਂ ਦੀ ਸਹਿਮਤੀ ਨਾਲ 31 ਮੈਂਬਰੀ ਕਮੇਟੀ ਦਾ ਗਠਨ ਕੀਤਾ ਗਿਆ।ਚੁਣੀ ਗਈ ਇਕਾਈ ਵਿੱਚ ਨਰੰਜਣ ਸਿੰਘ ਨੂੰ ਪ੍ਰਧਾਨ, ਸੁਰਜੀਤ ਸਿੰਘ ਨੂੰ ਮੀਤ ਪ੍ਰਧਾਨ, ਸਤਿਗੁਰ ਸਿੰਘ ਨੂੰ ਖ਼ਜ਼ਾਨਚੀ, ਗੁਰਜੀਤ ਸਿੰਘ ਪੰਚ ਨੂੰ ਜਨਰਲ ਸਕੱਤਰ, ਰਸਪਿੰਦਰ ਸਿੰਘ ਨੂੰ ਸੀਨੀਅਰ ਮੀਤ ਪ੍ਰਧਾਨ, ਗੁਰਜੀਤ ਸਿੰਘ ਨੂੰ ਸਲਾਹਕਾਰ ਤੇ ਸੁਖਵਿੰਦਰ ਸਿੰਘ ਸੁੱਖੀ ਨੂੰ ਪ੍ਰੈੱਸ ਸਕੱਤਰ ਨਿਯੁਕਤ ਕੀਤਾ ਗਿਆ।ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਜ਼ਿਲ੍ਹਾ ਪ੍ਰਧਾਨ ਗੁਰਮੀਤ ਸਿੰਘ ਕਪਿਆਲ ਨੇ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਕਿਸਾਨੀ ਮੰਗਾਂ ਨੂੰ ਲੈ ਕੇ ਸੰਯੁਕਤ ਕਿਸਾਨ ਮੋਰਚੇ ਵੱਲੋਂ 26 ਨਵੰਬਰ ਨੂੰ ਪਟਿਆਲਾ ਵਿਖੇ ਦਿੱਲੀ ਕਿਸਾਨ ਅੰਦੋਲਨ ਦੀ ਛੇਵੀਂ ਵਰ੍ਹੇਗੰਢ ਮਨਾਈ ਜਾਵੇਗੀ।ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਹੱਕਾਂ ਦੀ ਆਵਾਜ਼ ਬੁਲੰਦ ਕਰਨ ਲਈ ਵੱਡੀ ਗਿਣਤੀ ਵਿੱਚ ਪਟਿਆਲਾ ਵਿਖੇ ਹੋਣ ਵਾਲੀ ਰੈਲੀ ਵਿੱਚ ਸ਼ਮੂਲੀਅਤ ਕਰਨ।ਇਸ ਮੌਕੇ ਬਲਾਕ ਪ੍ਰਧਾਨ ਕੁਲਵਿੰਦਰ ਸਿੰਘ ਮਾਝਾ, ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਬਲਜਿੰਦਰ ਸਿੰਘ ਸੰਘਰੇੜੀ, ਜ਼ਿਲ੍ਹਾ ਪ੍ਰੈੱਸ ਸਕੱਤਰ ਜਸਪਾਲ ਸਿੰਘ ਘਰਾਚੋਂ, ਮੱਖਣ ਸਿੰਘ ਘਾਬਦਾਂ, ਰੋਹੀ ਸਿੰਘ, ਯਾਦਵਿੰਦਰ ਸਿੰਘ ਘਰਾਚੋਂ, ਹਰਪ੍ਰੀਤ ਸਿੰਘ ਫੌਜੀ, ਦਰਸ਼ਨ ਸਿੰਘ ਘਾਬਦਾਂ ਤੇ ਸੁਰਜੀਤ ਸਿੰਘ ਭਿੰਡਰ ਸਮੇਤ ਹੋਰ ਕਿਸਾਨ ਆਗੂ ਤੇ ਕਿਸਾਨ ਹਾਜ਼ਰ ਸਨ।

## ਭਾਈ ਆਸਾ ਸਿੰਘ ਗਰਲਜ਼ ਕਾਲਜ ਵਿਖੇ ਡਿਗਰੀ ਵੰਡ ਸਮਾਰੋਹ ਸ਼ਾਨੋ-ਸ਼ੌਕਤ ਨਾਲ ਸੰਪੰਨ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਭਾਈ ਆਸਾ ਸਿੰਘ ਗਰਲਜ਼ ਕਾਲਜ ਗੋਨਿਆਣਾ ਮੰਡੀ ਵਿਖੇ 42ਵਾਂ ਡਿਗਰੀ ਵੰਡ ਸਮਾਰੋਹ ਬੜੀ ਸ਼ਰਧਾ, ਉਤਸ਼ਾਹ ਤੇ ਸ਼ਾਨੋ-ਸ਼ੌਕਤ ਨਾਲ ਕਰਵਾਇਆ ਗਿਆ।ਇਸ ਸਮਾਰੋਹ ਵਿੱਚ ਕਾਲਜ ਦੇ ਸਰਪ੍ਰਸਤ ਮਹੰਤ ਭਾਈ ਕਾਹਨ ਸਿੰਘ ਜੀ ਸੇਵਾ ਪੰਥੀ ਨੇ ਮੁੱਖ ਮਹਿਮਾਨ ਵਜੋਂ ਤੇ ਸੰਤ ਭਾਈ ਜਗਜੀਤ ਸਿੰਘ ਜੀ ਸੇਵਾ ਪੰਥੀ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ।ਇਸ ਮੌਕੇ ਕਾਲਜ ਦੇ ਵਾਈਸ ਚੇਅਰਮੈਨ ਸ. ਚਰਨਜੀਤ ਸਿੰਘ, ਪ੍ਰਬੰਧਕ ਕਮੇਟੀ ਦੇ ਸਮੂਹ ਮੈਂਬਰ ਤੇ ਕਾਲਜ ਦਾ ਸਮੁੱਚਾ ਸਟਾਫ਼ ਵਿਸ਼ੇਸ਼ ਤੌਰ 'ਤੇ ਹਾਜ਼ਰ ਰਿਹਾ।ਇਸ ਤੋਂ ਇਲਾਵਾ ਗੋਨਿਆਣਾ ਨਗਰ ਕੌਂਸਲ ਦੇ ਪ੍ਰਧਾਨ ਸ੍ਰੀ ਰਮੇਸ਼ ਕੁਮਾਰ, ਭਾਈ ਜਗਤਾ ਸੀਨੀਅਰ ਸੈਕੰਡਰੀ ਸਕੂਲ ਦੇ ਪ੍ਰਿੰਸੀਪਲ ਸ੍ਰ. ਹਰਮਿੰਦਰ ਸਿੰਘ, ਭਾਈ ਆਸਾ ਸਿੰਘ ਕਾਲਜੀਏਟ ਸਕੂਲ ਦੀ ਪ੍ਰਿੰਸੀਪਲ ਮਿਸ ਗਗਨਦੀਪ ਕੌਰ ਤੇ ਗੁਰੂ ਅੰਗਦ ਦੇਵ ਸਕੂਲ ਦੀ ਪ੍ਰਿੰਸੀਪਲ ਮਿਸ ਜਸਪ੍ਰੀਤ ਕੌਰ ਨੇ ਵੀ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਸਮਾਰੋਹ ਦੀ ਸ਼ੁਰੂਆਤ ਸ਼ਾਨਦਾਰ ਅਕਾਦਮਿਕ ਪ੍ਰੋਸੈਸ਼ਨ ਨਾਲ ਹੋਈ, ਜਿਸ ਵਿੱਚ ਮੁੱਖ ਮਹਿਮਾਨ, ਵਿਸ਼ੇਸ਼ ਮਹਿਮਾਨ, ਪ੍ਰਬੰਧਕ ਕਮੇਟੀ ਦੇ ਮੈਂਬਰਾਂ ਤੇ ਕਾਲਜ ਦੇ ਸਟਾਫ਼ ਨੇ ਸ਼ਮੂਲੀਅਤ ਕੀਤੀ।ਉਪਰੰਤ ਗੁਰਬਾਣੀ ਦੇ ਪਵਿੱਤਰ ਸ਼ਬਦ ਨਾਲ ਸਮਾਰੋਹ ਦੀ ਸ਼ੁਭ ਸ਼ੁਰੂਆਤ ਕੀਤੀ ਗਈ।ਇਸ ਮੌਕੇ ਕਾਲਜ ਦੇ ਸਰਪ੍ਰਸਤ ਮਹੰਤ ਭਾਈ ਕਾਹਨ ਸਿੰਘ ਨੇ ਵਿਦਿਆਰਥਣਾਂ ਤੇ ਡਿਗਰੀ ਪ੍ਰਾਪਤ ਕਰਨ ਵਾਲੀਆਂ ਵਿਦਿਆਰਥਣਾਂ ਨੂੰ ਆਪਣਾ ਅਸ਼ੀਰਵਾਦ ਦਿੱਤਾ।ਇਸ ਮੌਕੇ ਕਾਲਜ ਦੀ ਕਾਰਜਕਾਰੀ ਪ੍ਰਿੰਸੀਪਲ ਮਿਸ ਗੁਰਲੀਨ ਵੱਲੋਂ ਸਾਲਾਨਾ ਰਿਪੋਰਟ ਪੇਸ਼ ਕੀਤੀ ਗਈ।ਉਨ੍ਹਾਂ ਆਪਣੀ ਰਿਪੋਰਟ ਵਿੱਚ ਕਾਲਜ ਦੇ ਸ਼ਾਨਾਮੱਤੇ ਇਤਿਹਾਸ, ਮੌਜੂਦਾ ਵਿਦਿਆਰਥਣਾਂ ਦੀਆਂ ਅਕਾਦਮਿਕ ਤੇ ਹੋਰ ਖੇਤਰਾਂ ਵਿੱਚ ਪ੍ਰਾਪਤੀਆਂ, ਪੜ੍ਹਾਈ ਪੂਰੀ ਕਰ ਚੁੱਕੀਆਂ ਵਿਦਿਆਰਥਣਾਂ ਦੀਆਂ ਪ੍ਰਾਪਤੀਆਂ, ਕਾਲਜ ਦੇ ਬੁਨਿਆਦੀ ਢਾਂਚੇ ਤੇ ਕਾਲਜ ਵਿੱਚ ਕਾਰਜਸ਼ੀਲ ਵੱਖ-ਵੱਖ ਕਮੇਟੀਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ।ਉਪਰੰਤ 42ਵੇਂ ਡਿਗਰੀ ਵੰਡ ਸਮਾਰੋਹ ਤਹਿਤ ਵਿਦਿਆਰਥਣਾਂ ਨੂੰ ਉਨ੍ਹਾਂ ਦੀਆਂ ਅਕਾਦਮਿਕ ਪ੍ਰਾਪਤੀਆਂ ਤੇ ਸਫਲਤਾਪੂਰਵਕ ਪੜ੍ਹਾਈ ਮੁਕੰਮਲ ਕਰਨ ਲਈ ਡਿਗਰੀਆਂ ਪ੍ਰਦਾਨ ਕੀਤੀਆਂ ਗਈਆਂ।ਸਮਾਰੋਹ ਦੇ ਅੰਤ ਵਿੱਚ ਕਾਲਜ ਦੀ ਕਨਵੋਕੇਸ਼ਨ ਕੋਆਰਡੀਨੇਟਰ ਮਿਸਿਜ਼ ਗੁਰਪ੍ਰੀਤ ਕੌਰ ਵੱਲੋਂ ਧੰਨਵਾਦੀ ਸ਼ਬਦ ਸਾਂਝੇ ਕੀਤੇ ਗਏ।ਇਸ ਮੌਕੇ ਮੁੱਖ ਮਹਿਮਾਨ, ਵਿਸ਼ੇਸ਼ ਮਹਿਮਾਨ ਤੇ ਸਮਾਰੋਹ ਵਿੱਚ ਪਹੁੰਚੇ ਹੋਰ ਪਤਵੰਤੇ ਸੱਜਣਾਂ ਦਾ ਸਨਮਾਨ ਕੀਤਾ ਗਿਆ।ਸਟੇਜ ਸੈਕਰੇਟਰੀ ਦੀ ਭੂਮਿਕਾ ਮੈਡਮ ਪਰਵਿੰਦਰ ਕੌਰ ਵੱਲੋਂ ਨਿਭਾਈ ਗਈ।


**Capital Small Finance Bank**

**CAPITAL SMALL FINANCE BANK LIMITED**

CIN: L65110PB1999PLC022634, Regd. Office: MIDAS Corporate Park, 3rd Floor, 37, G.T Road, Jalandhar -144001, Punjab INDIA Ph.: +91 - 181 - 5051111, 5052222; FAX: +91 - 181 - 5053333, E-mail: cs@capitalbank.co.in, Website: www.capital.bank.in

**29 ਅਕਤੂਬਰ, 2026 ਦੀ ਡਾਕ ਰਾਹੀਂ ਵੋਟਿੰਗ ਸੂਚਨਾ ਸਬੰਧੀ (POSTAL BALLOT) ਸ਼ੁੱਧੀ-ਪੱਤਰ**

ਡਾਕ ਰਾਹੀਂ ਵੋਟਿੰਗ ਸੂਚਨਾ ਸਬੰਧੀ ਇਹ ਸ਼ੁੱਧੀ-ਪੱਤਰ ("ਸ਼ੁੱਧੀ-ਪੱਤਰ") ਕੈਪੀਟਲ ਸਮਾਲ ਫਾਈਨਾਂਸ ਬੈਂਕ ਲਿਮਿਟਿਡ ("ਬੈਂਕ") ਵੱਲੋਂ 29 ਅਕਤੂਬਰ, 2026 ਦੀ ਡਾਕ ਰਾਹੀਂ ਵੋਟਿੰਗ ਸੂਚਨਾ ("ਸੂਚਨਾ") ਦੇ ਸਬੰਧ ਵਿੱਚ ਜਾਰੀ ਕੀਤਾ ਜਾ ਰਿਹਾ ਹੈ, ਜਿਸ ਰਾਹੀਂ ਸੂਚਨਾ ਵਿੱਚ ਦਰਸਾਏ ਗਏ ਮਤਿਆਂ ਸਬੰਧੀ ਬੈਂਕ ਦੇ ਮੈਂਬਰਾਂ ਤੋਂ ਮਨਜ਼ੂਰੀ ਪ੍ਰਾਪਤ ਕਰਨ ਦੀ ਮੰਗ ਕੀਤੀ ਗਈ ਸੀ।

ਇਸ ਸ਼ੁੱਧੀ-ਪੱਤਰ ਨੂੰ ਉਕਤ ਸੂਚਨਾ ਦੇ ਨਾਲ ਮਿਲਾ ਕੇ ਪੜ੍ਹਿਆ ਜਾਵੇ, ਜੋ ਬੈਂਕ ਦੀ ਵੈੱਬਸਾਈਟ (www.capital.bank.in), MUFG Intime India Private Limited ਦੀ ਵੈੱਬਸਾਈਟ (https://instavote.linkintime.co.in), ਨੈਸ਼ਨਲ ਸਟਾਕ ਐਕਸਚੇਂਜ ਆਫ਼ ਇੰਡੀਆ ਲਿਮਟਿਡ ("NSE") (www.nseindia.com) ਅਤੇ ਬੀਐੱਸਈ ਲਿਮਟਿਡ ("BSE") (www.bseindia.com) ਦੀ ਵੈੱਬਸਾਈਟ ਉੱਤੇ ਉਪਲਬਧ ਹੈ। ਉਕਤ ਸੂਚਨਾ 16 ਨਵੰਬਰ, 2026 ਨੂੰ ਬੈਂਕ ਦੇ ਸਾਰੇ ਮੈਂਬਰਾਂ ਨੂੰ ਈ-ਮੇਲ ਰਾਹੀਂ ਭੇਜੀ ਗਈ ਸੀ, ਜਿਨ੍ਹਾਂ ਦੇ ਈ-ਮੇਲ ਪਤੇ 13 ਨਵੰਬਰ, 2026 ਦੀ ਕੱਟ-ਆਫ਼ ਮਿਤੀ ਤੱਕ ਬੈਂਕ/ਡਿਪਾਜ਼ਟਰੀ ਭਾਗੀਦਾਰ(ਆਂ) ਅਤੇ ਰਜਿਸਟਰਾਰ ਅਤੇ ਟ੍ਰਾਂਸਫਰ ਏਜੰਟ, MUFG Intime India Private Limited ਕੋਲ ਰਜਿਸਟਰਡ ਸਨ। ਇਹ ਕਾਰਵਾਈ ਕੰਪਨੀ ਐਕਟ, 2013 ਅਤੇ ਇਸ ਅਧੀਨ ਬਣਾਏ ਗਏ ਨਿਯਮਾਂ ਦੇ ਨਾਲ-ਨਾਲ ਕਾਰਪੋਰੇਟ ਮਾਮਲਿਆਂ ਦੇ ਮੰਤਰਾਲੇ ਅਤੇ ਭਾਰਤੀ ਪ੍ਰਤੀਭੂਤੀ ਅਤੇ ਵਟਾਂਦਰਾ ਬੋਰਡ (SEBI) ਵੱਲੋਂ ਜਾਰੀ ਕੀਤੇ ਗਏ ਸਰਕੂਲਰਾਂ ਦੇ ਉਚਿਤ ਅਨੁਪਾਲਨ ਵਿੱਚ ਕੀਤੀ ਗਈ ਸੀ।

ਇਹ ਸ਼ੁੱਧੀ-ਪੱਤਰ ਇੱਕ ਅਣਜਾਣੇ ਵਿੱਚ ਰਹਿ ਗਈ ਗਲਤੀ ਨੂੰ ਠੀਕ ਕਰਨ ਲਈ ਹੇਠ ਲਿਖੇ ਅਨੁਸਾਰ 20 ਨਵੰਬਰ, 2026 ਨੂੰ ਜਾਰੀ ਕੀਤਾ ਜਾ ਰਿਹਾ ਹੈ:

The Item No: 1 of the Notice i.e. To approve the appointment of Mr. Joseph Conrad Agnelo D'Souza (DIN: 00010576) as a Non – Executive Independent Director on the Board of the Bank was proposed as "Ordinary Resolution" instead of "Special Resolution" in the Notice.

ਬੈਂਕ ਦੇ ਮੈਂਬਰਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਸੂਚਨਾ, ਇਸ ਦੇ ਨੋਟਸ, ਅਨੁਬੰਧਾਂ ਅਤੇ ਇਸ ਸਬੰਧ ਵਿੱਚ ਕੀਤੇ ਗਏ ਕਿਸੇ ਵੀ ਹੋਰ ਹਵਾਲੇ/ਸੰਚਾਰ ਵਿੱਚ ਜਿੱਥੇ ਵੀ "ਸਧਾਰਨ ਮਤਾ" (Ordinary Resolution) ਦਰਜ ਹੈ, ਉਸ ਨੂੰ "ਵਿਸ਼ੇਸ਼ ਮਤਾ" (Special Resolution) ਵਜੋਂ ਪੜ੍ਹਨ। ਇਸ ਸ਼ੁੱਧੀ-ਪੱਤਰ ਰਾਹੀਂ ਕੀਤੀਆਂ ਗਈਆਂ ਤਬਦੀਲੀਆਂ ਤੋਂ ਇਲਾਵਾ, ਸੂਚਨਾ ਦੀਆਂ ਹੋਰ ਸਾਰੀਆਂ ਸਮੱਗਰੀਆਂ, ਜਿਨ੍ਹਾਂ ਵਿੱਚ ਰਿਮੋਟ ਈ-ਵੋਟਿੰਗ ਦੀ ਮਿਆਦ ਅਤੇ ਕੱਟ-ਆਫ਼ ਮਿਤੀ ਸ਼ਾਮਲ ਹਨ, ਬਿਨਾਂ ਕਿਸੇ ਤਬਦੀਲੀ ਦੇ ਪਹਿਲਾਂ ਵਾਂਗ ਹੀ ਲਾਗੂ ਰਹਿਣਗੀਆਂ।

ਇਹ ਸ਼ੁੱਧੀ-ਪੱਤਰ ਉਸ ਸੂਚਨਾ ਦਾ ਅਟੁੱਟ ਹਿੱਸਾ ਮੰਨਿਆ ਜਾਵੇਗਾ, ਜੋ ਪਹਿਲਾਂ ਹੀ ਬੈਂਕ ਦੇ ਮੈਂਬਰਾਂ ਨੂੰ ਭੇਜੀ ਜਾ ਚੁੱਕੀ ਹੈ। ਇਸ ਸ਼ੁੱਧੀ-ਪੱਤਰ ਦੀ ਮਿਤੀ ਤੋਂ, ਉਕਤ ਸੂਚਨਾ ਨੂੰ ਹਮੇਸ਼ਾ ਇਸ ਸ਼ੁੱਧੀ-ਪੱਤਰ ਦੇ ਨਾਲ ਮਿਲਾ ਕੇ ਹੀ ਪੜ੍ਹਿਆ ਜਾਵੇਗਾ।

ਕੈਪੀਟਲ ਸਮਾਲ ਫਾਈਨਾਂਸ ਬੈਂਕ ਲਿਮਿਟਿਡ ਵੱਲੋਂ
ਦਸਤਖ਼ਤ/-
ਅਮਿਤ ਸ਼ਰਮਾ

ਸਥਾਨ: ਜਲੰਧਰ — ਮੈਂਬਰਸ਼ਿਪ ਨੰਬਰ: FCS 10888
ਮਿਤੀ: 20 ਨਵੰਬਰ, 2026 — ਕੰਪਨੀ ਸੈਕਰੇਟਰੀ ਅਤੇ ਕੰਪਲਾਇੰਸ ਆੱਫੀਸਰ